

समूह देशवासियों द्वारा लोकबाणी न्यूज पेपर को प्यार तथा सहयोग देने पर **तहेदिल से धन्यवाद**
अमन मेहरा संपादक

ਸੱਚ ਤੇ ਨਿਡਰ ਆਵਾਜ਼ ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ ਅਮਨਦੀਪ ਮਹਿਰਾ

ਸੋਮਵਾਰ 12 ਫਰਵਰੀ 2024








R.N.I.Punpun/29016/2008 * ਸਾਲ 15 * ਅੰਕ : 268 * ਮੁੱਲ ; 5.00 ਰੁਪਏ * ਕੁੱਲ ਪੇਜ਼ 10 * ਦਫਤਰ : 0181-2211009 * : M 99155-94111



DIPS INSTITUTIONS · CHAIN OF DIPS INSTITUTIONS · KNOWLEDGE IS POWER

DIPS IMT

DIPS INSTITUTE OF MANAGEMENT & TECHNOLOGY

RAMNEEK AVENUE, PATHANKOT BYE PASS JALANDHAR CITY

www.dipsimt@gmail.com (dipsimt@gmail.com)

CONTACT : 95010-00697, 97806-00998


## ਪਾਕਿਸਤਾਨ ਚ ਇਮਰਾਨ ਖ਼ਾਨ ਦੇ ਸਮਰੱਥਕ ਆਜ਼ਾਦ ਉਮੀਦਵਾਰਾਂ ਦਾ ਦਬਦਬਾ

ਲੋਕ ਬਾਣੀ/ ਇਸਲਾਮਾਬਾਦ



ਪਾਕਿਸਤਾਨ ਦੇ ਚੋਣ ਕਮਿਸ਼ਨ ਨੇ ਅੱਜ ਆਮ ਚੋਣਾਂ ਦੇ ਆਖ਼ਰੀ ਨਤੀਜੇ ਐਲਾਨ ਦਿੱਤੇ ਹਨ ਜਿਸ ਵਿੱਚ ਜੇਲ੍ਹ ਵਿੱਚ ਬੰਦ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਦੀ ਪਾਰਟੀ ਦੀ ਹਮਾਇਤ ਪ੍ਰਾਪਤ ਆਜ਼ਾਦ ਉਮੀਦਵਾਰਾਂ ਨੇ 101 ਸੀਟਾ 'ਤੇ ਜਿੱਤ ਦਰਜ ਕੀਤੀ ਹੈ। ਇਸੇ ਦੌਰਾਨ ਸਾਬਕਾ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ਼ ਦੀ ਪਾਕਿਸਤਾਨ ਮੁਸਲਿਮ ਲੀਗ-ਨਵਾਜ਼ (ਪੀਐੱਮਐੱਲ-ਐੱਨ) 75 ਸੀਟਾਂ ਜਿੱਤ ਕੇ ਤਕਨੀਕੀ ਤੌਰ 'ਤੇ ਸੰਸਦ ਵਿੱਚ ਸਭ ਤੋਂ ਵੱਡੀ ਪਾਰਟੀ ਬਣ ਕੇ ਉਭਰੀ ਹੈ। ਬਿਲਾਵਲ ਜ਼ਰਦਾਰੀ ਭੁੱਟੋ ਦੀ ਪਾਕਿਸਤਾਨ ਪੀਪਲਜ਼ ਪਾਰਟੀ (ਪੀਪੀਪੀ) ਨੂੰ 54 ਸੀਟਾਂ ਮਿਲੀਆਂ ਹਨ, ਜਦਕਿ ਮੁਤਾਹਿਦਾ ਕੌਮੀ ਮੂਵਮੈਂਟ ਪਾਕਿਸਤਾਨ (ਐੱਮਕਿਊਐੱਮ-ਪੀ) ਨੂੰ 17 ਸੀਟਾਂ ਮਿਲੀਆਂ ਹਨ। ਬਾਕੀ 12 ਸੀਟਾਂ 'ਤੇ ਹੋਰ ਛੋਟੀਆਂ ਪਾਰਟੀਆਂ ਨੇ ਜਿੱਤ ਹਾਸਲ ਕੀਤੀ ਹੈ।

## ਦਿੱਲੀ ਹਵਾਈ ਅੱਡੇ ਤੇ ਇੰਡੀਗੋ ਜਹਾਜ਼ ਖੁੰਝਿਆ ਕਈ ਜਹਾਜ਼ ਪ੍ਰਭਾਵਿਤ ਹੋਏ

ਲੋਕ ਬਾਣੀ/ ਜਲੰਧਰ, ਦੇਵ ਮਹਿਤਾ




ਅੰਮ੍ਰਿਤਸਰ ਤੋਂ ਆਇਆ ਇੰਡੀਗੋ ਦਾ ਜਹਾਜ਼ ਅੱਜ ਸਵੇਰੇ ਦਿੱਲੀ ਦੇ ਹਵਾਈ ਅੱਡੇ 'ਤੇ ਉਤਰਨ ਮਗਰੋਂ ਟੈਕਸੀਵੇਅ ਤੋਂ ਖੁੰਝ ਗਿਆ ਜਿਸ ਕਾਰਨ ਇੱਕ ਰਨਵੇਅ ਲਗਪਗ 15 ਮਿੰਟ ਲਈ ਬੰਦ ਰਿਹਾ। ਸੂਤਰਾਂ ਮੁਤਾਬਕ ਏ-320 ਜਹਾਜ਼ ਇੱਥੇ ਇੰਦਰਾ ਗਾਂਧੀ ਕੌਮਾਂਤਰੀ ਹਵਾਈ ਅੱਡੇ 'ਤੇ ਟੈਕਸੀਵੇਅ ਤੋਂ ਖੁੰਝਣ ਮਗਰੋਂ 28/10 ਰਨਵੇਅ ਦੇ ਆਖ਼ਰੀ ਸਿਰੇ 'ਤੇ ਚਲਾ ਗਿਆ। ਸੂਤਰਾਂ ਨੇ ਕਿਹਾ ਕਿ ਇਸ ਘਟਨਾ ਕਾਰਨ ਰਨਵੇਅ ਲਗਪਗ 15 ਮਿੰਟ ਤੱਕ ਬੰਦ ਰਿਹਾ ਅਤੇ ਕੁੱਝ ਉਡਾਣਾਂ ਵੀ ਪ੍ਰਭਾਵਿਤ ਹੋਈਆਂ।

## ਸ਼ੰਭੂ ਬਾਰਡਰ 'ਤੇ ਘੱਗਰ ਪੁਲ ਉਪਰ ਲਾਈਆਂ ਰੋਕਾਂ ਕਾਰਨ ਆਮ ਲੋਕੀ ਘੱਗਰ ਵਿਚੋਂ ਪੈਦਲ ਲੰਘਣ ਲਈ ਹੋਏ ਮਜਬੂਰ

ਲੋਕ ਬਾਣੀ/ ਰਾਜਪੁਰਾ

– ਪੰਜਾਬ—ਹਰਿਆਣਾ ਬਾਰਡਰ ਨੇੜੇ ਸ਼ੰਭੂ ਦੇ ਘੱਗਰ ਦਰਿਆ ਦੇ ਪੁਲ ਉਪਰ ਹਰਿਆਣਾ ਸਰਕਾਰ ਨੇ ਬੈਰੀਕੇਡ ਲਾ ਕੇ ਆਉਣ ਜਾਣ ਦਾ ਰਸਤਾ ਪੂਰੀ ਤਰ੍ਹਾਂ ਨਾਲ ਸੀਲ ਕਰ ਦਿਤਾ ਹੈ ,ਜਿਸ ਕਾਰਨ ਅੰਬਾਲਾ ਸਾਇਡ ਤੋਂ ਆਉਣ ਵਾਲੇ ਰਾਹਗੀਰ ਘੱਗਰ ਦਰਿਆ ਦੇ ਪਾਣੀ ਵਿਚੋਂ ਦੀ ਸਮਾਨ ਅਤੇ ਬੱਚਿਆਂ ਸਮੇਤ ਲੰਘਣ ਲਈ ਮਜਬੂਰ ਹੋਏ ਪਏ ਹਨ । ਘੱਗਰ ਵਿਚ ਪਾਣੀ ਦਾ ਬਹਾਅ ਜ਼ਿਆਦਾ ਹੋਣ ਕਾਰਨ ਬੱਚੇ ਅਤੇ ਔਰਤਾਂ ਲਈ ਘੱਗਰ ਪਾਰ ਕਰਨਾ ਕਾਫੀ ਜਿਆਦਾ ਔਖਾ ਹੈ।ਕਿਸਾਨਾਂ ਨੂੰ ਦਿੱਲੀ ਜਾਣ ਤੋ ਰੋਕਣ ਲਈ ਲਾਈਆਂ ਗਈਆਂ ਰੋਕਾਂ ਦਾ ਆਮ ਲੋਕਾਂ 'ਤੇ ਵੀ ਕਾਫੀ ਜ਼ਿਆਦਾ ਅਸਰ ਪੈ ਰਿਹਾ ਹੈ ।

## ਭਾਰਤ ਜੋੜੋ ਯਾਤਰ ਛੱਤੀਸਗੜ੍ਹ ਤੋਂ ਫਿਰ ਸ਼ੁਰੂ

ਲੋਕ ਬਾਣੀ/ ਰਾਏਗੜ੍ਹ



ਕਾਂਗਰਸ ਆਗੂ ਰਾਹੁਲ ਗਾਂਧੀ ਦੀ ਅਗਵਾਈ ਵਿੱਚ 'ਭਾਰਤ ਜੋੜੋ ਨਿਆਏ ਯਾਤਰਾ' ਦੋ ਦਿਨਾਂ ਦੇ ਆਰਾਮ ਮਗਰੋਂ ਅੱਜ ਨੂੰ ਛੱਤੀਸਗੜ੍ਹ ਦੇ ਰਾਏਗੜ੍ਹ ਜ਼ਿਲ੍ਹੇ ਵਿਚ ਮੁੜ ਸ਼ੁਰੂ ਹੋ ਗਈ। ਰਾਹੁਲ ਨੇ ਇੱਥੇ ਗਾਂਧੀ ਚੌਕ ਵਿੱਚ ਮਹਾਤਮਾ ਗਾਂਧੀ ਦੇ ਬੁੱਤ 'ਤੇ ਫੁੱਲਮਾਲਾਵਾਂ ਭੇਟ ਕੀਤੀਆਂ ਅਤੇ ਫਿਰ ਯਾਤਰਾ ਜ਼ਿਲ੍ਹੇ ਦੇ ਖਰਸੀਆ ਵਿਧਾਨ ਸਭਾ ਹਲਕੇ ਲਈ ਰਵਾਨਾ ਹੋਈ। ਗਾਂਧੀ ਚੌਕ 'ਤੇ ਕਾਂਗਰਸੀ ਆਗੂਆਂ ਅਤੇ ਸਮਰਥਕਾਂ ਦੀ ਭਾਰੀ ਭੀੜ ਇਕੱਠੀ ਹੋ ਗਈ ਅਤੇ ਲੋਕ ਰਾਹੁਲ ਗਾਂਧੀ ਨਾਲ ਚੱਲੇ।

## ਕਿਸਾਨਾਂ ਦੇ ਰਾਹ 'ਚ ਕੰਡੇ ਵਿਛਾਉਣਾ ਅੰਮ੍ਰਿਤਕਾਲ ਹੈ ਜਾਂ ਬੇਇਨਸਾਫ਼ੀ- ਪ੍ਰਿਅੰਕਾ ਗਾਂਧੀ

ਲੋਕ ਬਾਣੀ/ ਦਿੱਲੀ

ਨਵੀਂ ਦਿੱਲੀ , 11 ਫਰਵਰੀ -ਕਿਸਾਨ ਆਪਣੀਆਂ ਮੰਗਾਂ ਨੂੰ ਲੈ ਕੇ ਦਿੱਲੀ ਮਾਰਚ ਦੀ ਤਿਆਰੀ ਕਰ ਰਹੇ ਹਨ। ਕਾਂਗਰਸ ਦੀ ਜਨਰਲ ਸਕੱਤਰ ਪ੍ਰਿਅੰਕਾ ਗਾਂਧੀ ਨੇ ਕਿਸਾਨਾਂ ਨੂੰ ਦਿੱਲੀ ਵੱਲ ਮਾਰਚ ਕਰਨ ਤੋਂ ਰੋਕਣ ਲਈ ਕੀਤੇ ਜਾ ਰਹੇ ਪ੍ਰਬੰਧਾਂ ਬਾਰੇ ਇਕ ਵੀਡੀਓ ਪੋਸਟ ਕੀਤੀ ਹੈ ਅਤੇ ਪੁੱਛਿਆ ਹੈ ਕਿ ਕਿਸਾਨਾਂ ਦੇ ਰਾਹ ਵਿਚ ਕੰਡੇ ਵਿਛਾਉਣਾ ਅੰਮ੍ਰਿਤ ਕਾਲ ਹੈ ਜਾਂ ਬੇਇਨਸਾਫ਼ੀ ਕਾਲ ?

## ਲੁਧਿਆਣਾ ਵਿੱਚ ਫੜੀ 10 ਕਰੋੜ ਦੀ ਹੈਰੋਇਨ

ਲੋਕ ਬਾਣੀ/ ਲੁਧਿਆਣਾ, ਸੁਖਚੈਨ ਮਹਿਰਾ

ਲੁਧਿਆਣਾ , – ਐਸਟੀਐਫ ਦੀ ਪੁਲਿਸ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਇਕ ਨੌਜਵਾਨ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ ਵਿਚੋਂ ਦੋ ਕਿੱਲੋ 18 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ ਜਿਸ ਦੀ ਅੰਤਰਰਾਸ਼ਟਰੀ ਬਾਜ਼ਾਰ ਵਿਚ ਕੀਮਤ 10 ਕਰੋੜ ਰੁਪਏ ਹੈ । ਇਸ ਸੰਬੰਧੀ ਜਾਣਕਾਰੀ ਦਿੰਦਿਆਂ ਐਸਟੀਐਫ ਦੇ ਏਆਈਜੀ ਸਨੇਹ ਦੀਪ ਸ਼ਰਮਾ ਨੇ ਦੱਸਿਆ ਕਿ ਪੁਲਿਸ ਵਲੋਂ ਇਹ ਕਾਰਵਾਈ ਐਸਟੀਐਫ ਦੇ ਇੰਚਾਰਜ ਇੰਸਪੈਕਟਰ ਹਰਬੰਸ ਸਿੰਘ ਦੀ ਅਗਵਾਈ ਹੇਠਲੀ ਪੁਲਿਸ ਪਾਰਟੀ ਨੇ ਅਮਲ ਵਿਚ ਲਿਆਂਦੀ ਹੈ ।

## ਕਿਸਾਨਾਂ ਨੂੰ ਰੋਕਣ ਲਈ ਖਨੌਰੀ ਬਾਰਡਰ ਪੂਰੀ ਤਰ੍ਹਾਂ ਨਾਲ ਬੰਦ ਕੀਤਾ ਗਿਆ

ਲੋਕ ਬਾਣੀ/ ਖਨੌਰੀ

-ਸੰਯੁਕਤ ਕਿਸਾਨ ਮੋਰਚਾ (ਗੈਰ ਰਾਜਨੀਤਿਕ) ਅਤੇ ਕਈ ਹੋਰ ਕਿਸਾਨ ਜਥੇਬੰਦੀਆਂ ਵਲੋਂ ਕਿਸਾਨਾਂ ਦੀਆਂ ਮੰਗਾਂ ਦੇ ਸੰਬੰਧ ਵਿਚ 13 ਫਰਵਰੀ ਦੇ ਦਿੱਲੀ ਕੂਚ ਕਰਨ ਦੇ ਦਿੱਤੇ ਗਏ ਸੱਦੇ ਦੇ ਸੰਬੰਧ ਵਿਚ ਕਿਸਾਨ ਜਥੇਬੰਦੀਆਂ ਅਤੇ ਉਨ੍ਹਾਂ ਦੇ ਹਮਾਇਤੀ ਕਿਸਾਨਾਂ ਨੂੰ ਹਰਿਆਣਾ ਸੂਬੇ ਅੰਦਰ ਪ੍ਰਵੇਸ਼ ਕਰਨ ਤੋਂ ਰੋਕੇ ਜਾਣ ਦੇ ਲਈ ਪਿਛਲੇ ਕਈ ਦਿਨਾਂ ਤੋਂ ਆਪਣੀਆਂ ਵਿਉਂਤਬੰਦੀਆਂ ਬੁਣ ਰਹੀ ਹਰਿਆਣਾ ਦੀ ਭਾਜਪਾ ਸਰਕਾਰ ਅਤੇ ਸੂਬੇ ਦੀ ਪੁਲਿਸ ਵਲੋਂ ਬੀਤੀ ਦੇਰ ਰਾਤ ਗਏ ਸੰਗਰੂਰ ਦਿੱਲੀ ਮੁੱਖ ਮਾਰਗ 'ਤੇ ਪੰਜਾਬ ਹਰਿਆਣਾ ਸੂਬਿਆਂ ਦੀ ਸਰਹੱਦ 'ਤੇ ਸਥਿਤ ਖਨੌਰੀ ਬਾਰਡਰ ਨੂੰ ਮੁਕੰਮਲ ਤੌਰ 'ਤੇ ਬੰਦ ਕਰਕੇ ਪੂਰੀ ਤਰ੍ਹਾਂ ਸੀਲ ਕਰ ਦਿੱਤਾ ਗਿਆ ਹੈ।


ਪੰਜਾਬ ਦੇ ਹਰ ਜਿਲ੍ਹੇ ਤੋਂ ਰੋਜ਼ਾਨਾ ਲੋਕ **ਬਾਣੀ ਅਖ਼ਬਾਰ** ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਜਲੰਧਰ 'ਚ ਮੇਰਾ ਹੁਣਰ ਬਚਿਆ ਦੇ ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ -ਅਮਨ ਮਹਿਰਾ













**ਲੋਕ ਬਾਣੀ/ ਜਲੰਧਰ, ਦੇਵ ਮਹਿਤਾ**



ਜਲੰਧਰ 'ਚ ਮੇਰਾ ਹੁਣਰ ਬਚਿਆ ਦੇ ਪ੍ਰੋਗਰਾਮ ਵਿੱਚ ਪੰਜਾਬ ਭਰ ਚੋ ਆਏ ਬਚਿਆ ਨੇ ਡਾਂਸ ਭੰਗੜਾ, ਗਿੱਧਾ ਪਾ ਕੇ ਆਏ ਹੋਏ ਮਹਿਮਾਨਾਂ ਦਾ ਦਿਲ ਜਿੱਤ ਲਿਆ ਤੇ ਵਿਸ਼ੇਸ਼ ਤੌਰ ਤੇ ਪਹੁੰਚੇ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਦੇ ਮੁੱਖ ਸੰਪਾਦਕ ਅਮਨਦੀਪ ਮਹਿਰਾ ਨੇ ਜੱਜ ਬਣ ਕੇ ਬਚਿਆ ਦੀ ਹੋਸਲਾ ਵਧਾਈ ਦਿੱਤੀ ਤੇ ਜੇਤੂ ਬਚਿਆ ਨੂੰ ਸਨਮਾਨਿਤ ਕੀਤਾ ਤੇ ਪ੍ਰੋਗਰਾਮ ਦੇ ਸੰਚਾਲਕ ਰਾਜ ਕੁਮਾਰ ਸਾਕੀ ਨੂੰ ਇਸ ਪ੍ਰੋਗਰਾਮ ਦੀ ਵਧਾਈ ਦਿੱਤੀ ਇਸ ਮੌਕੇ ਮੀਡੀਆ ਕਲੱਬ ਦੇ ਪ੍ਰਧਾਨ ਸੁਨੀਲ ਦੱਤ,ਪੀਆਰ ਦਲਬੀਰ ਸਿੰਘ, ਹਿੰਦੂ ਨੇਤਾ ਅਭਿ, ਬਖਸ਼ੀ ਤੇ ਰਾਜਨੀਤਕ ਤੇ ਬੁਧਿ ਜੀਵੀ ਵੀ ਹਾਜ਼ਰ ਸਨ




# ਅੰਤਰਰਾਸ਼ਟਰੀ ਕਬੱਡੀ ਖਿਡਾਰੀ ਸੰਦੀਪ ਨੰਗਲ ਅੰਬੀਆ ਦੇ ਕਤਲ 'ਚ ਸ਼ਾਮਲ ਦੋ ਸ਼ਾਰਪ ਸ਼ੂਟਰ ਗ੍ਰਿਫ਼ਤਾਰ, ਅਸਲਾ ਬਰਾਮਦ

**ਲੋਕ ਬਾਣੀ/ ਜਲੰਧਰ**



ਪੁਲਿਸ ਨੇ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਸੰਦੀਪ ਨੰਗਲ ਅੰਬੀਆ ਦੇ ਕਤਲ ਵਿੱਚ ਸ਼ਾਮਲ ਦੋ ਸ਼ਾਰਪ ਸ਼ੂਟਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਵਾਰਦਾਤ ਵਿੱਚ ਵਰਤੀ ਗਈ ਸਵਿਫਟ ਕਾਰ ਵੀ ਬਰਾਮਦ ਹੋਈ ਹੈ। ਪੁਲੀਸ ਨੇ ਮੁਲਜ਼ਮਾਂ ਕੋਲੋਂ ਦੋ ਪਿਸਤੌਲ ਅਤੇ ਪੰਜ ਕਾਰਤੂਸ ਬਰਾਮਦ ਕੀਤੇ ਹਨ।

ਐਸਐਸਪੀ ਮੁਖਵਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ 14 ਮਾਰਚ 2022 ਨੂੰ ਪਿੰਡ ਮੱਲੀਆਂ ਖੁਰਦ ਵਿੱਚ ਕਬੱਡੀ ਟੂਰਨਾਮੈਂਟ ਚੱਲ ਰਿਹਾ ਸੀ। ਇਸ ਦੌਰਾਨ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਸੰਦੀਪ ਨੰਗਲ ਅੰਬੀਆ ਦੀ ਸਵਿਫਟ ਕਾਰ 'ਚ ਸਵਾਰ ਅਣਪਛਾਤੇ ਵਿਅਕਤੀਆਂ ਵੱਲੋਂ ਗਰਾਊਂਡ ਦੇ ਬਾਹਰ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ।

ਇਸ ਮਾਮਲੇ ਦਾ ਪਤਾ ਲਗਾਉਂਦੇ ਹੋਏ ਸੰਦੀਪ ਸਿੰਘ ਨੰਗਲ ਅੰਬੀਆ ਨੂੰ ਗੋਲੀ ਮਾਰਨ ਵਾਲੇ ਸ਼ੂਟਰ ਰਵਿੰਦਰ ਸਿੰਘ ਉਰਫ ਹੈਰੀ ਰਾਜਪੁਰਾ ਵਾਸੀ ਗੋਪਾਲਪੁਰ ਪਟਿਆਲਾ ਅਤੇ ਹਰਜੀਤ ਸਿੰਘ ਉਰਫ ਹੈਰੀ ਮੋਡ ਵਾਸੀ ਪਿੰਡ ਮੋੜ ਕਲਾਂ ਜ਼ਿਲਾ ਬਠਿੰਡਾ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।

ਪੁੱਛਗਿੱਛ ਦੌਰਾਨ ਮੁਲਜ਼ਮਾਂ ਨੇ ਦੱਸਿਆ ਕਿ ਕੌਸ਼ਲ ਚੌਧਰੀ, ਅਮਿਤ ਡਾਗਰ, ਫਤਿਹ ਨਗਰੀ, ਜੁਝਾਰ ਸਿੰਘ ਉਰਫ਼ ਸਿਮਰਨਜੀਤ ਸਿੰਘ ਨੇ ਪਿੰਡ ਮੱਲੀਆਂ ਖੁਰਦ ਵਿੱਚ ਕਬੱਡੀ ਮੈਚ ਦੌਰਾਨ ਪ੍ਰਸਿੱਧ ਕਬੱਡੀ ਖਿਡਾਰੀ ਸੰਦੀਪ ਸਿੰਘ ਨੰਗਲ ਅੰਬੀਆ ਦੇ ਕਤਲ ਦੀ ਸਾਜ਼ਿਸ਼ ਰਚੀ ਅਤੇ ਕਬੱਡੀ ਪ੍ਰਮੋਟਰ ਸਨਵਰ ਢਿੱਲੋ ਨੂੰ ਜੇਲ੍ਹ ਵਿੱਚ ਬੈਠਾ ਵਿਦੇਸ਼ਾਂ ਵਿੱਚ ਬੰਦ ਕਰ ਦਿੱਤਾ।

ਗੈਂਗਸਟਰ ਲੱਕੀ ਪਟਿਆਲ ਅਤੇ ਗੈਂਗਸਟਰ ਸੁੱਖਾ ਦੁਨਾਕੇ (ਜਿਸ ਦਾ ਵਿਦੇਸ਼ ਵਿੱਚ ਕੈਨੇਡਾ ਵਿੱਚ ਕਤਲ ਹੋਇਆ ਸੀ) ਨੇ ਮਿਲ ਕੇ ਸਾਜ਼ਿਸ਼ ਰਚੀ ਸੀ। ਸੁੱਖਾ ਦੁੱਨੇਕੇ ਦੇ ਕਹਿਣ 'ਤੇ ਹਰਜੀਤ ਸਿੰਘ ਉਰਫ ਹੈਰੀ ਮੋੜ ਨੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਅਤੇ ਫਤਿਹ ਨਗਰੀ (ਜੋ ਸੰਗਰੂਰ ਜੇਲ 'ਚ ਬੰਦ ਸੀ) ਦੇ ਕਹਿਣ 'ਤੇ ਰਵਿੰਦਰ ਸਿੰਘ ਉਰਫ ਹੈਰੀ ਰਾਜਪੁਰਾ ਨੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ।

ਅਮਿਤ ਡਾਗਰ, ਕੌਸ਼ਲ ਚੌਧਰੀ ਅਤੇ ਸੁੱਖਾ ਦੁਨਾਕੇ ਨੇ ਸ਼ੂਟਰਾਂ ਪੁਨੀਤ ਸ਼ਰਮਾ, ਨਰਿੰਦਰ ਲਾਲੀ, ਵਿਕਾਸ ਮਾਹਲੇ ਅਤੇ ਹਰਿੰਦਰ ਫੌਜੀ ਨੂੰ ਭੇਜਿਆ ਸੀ ਅਤੇ ਵਾਰਦਾਤ ਵਿੱਚ ਵਰਤੀ ਗਈ ਸਵਿਫਟ ਕਾਰ ਅਤੇ ਹਥਿਆਰ ਵੀ ਮੁਹੱਈਆ ਕਰਵਾਏ ਸਨ। ਵਾਰਦਾਤ ਨੂੰ ਅੰਜਾਮ ਦੇਣ ਲਈ ਸਾਰੇ ਸ਼ੂਟਰ ਇੱਕ ਦਿਨ ਪਹਿਲਾਂ ਹੀ ਅੰਮ੍ਰਿਤਸਰ ਵਿੱਚ ਇਕੱਠੇ ਹੋਏ ਸਨ, ਜਿਸ ਵਿੱਚ ਖਾਣ-ਪੀਣ ਦਾ ਸਾਰਾ ਪ੍ਰਬੰਧ ਜੁਝਾਰ ਸਿੰਘ ਉਰਫ਼ ਸਿਮਰਨਜੀਤ ਸਿੰਘ ਰਾਹੀਂ ਕੀਤਾ ਗਿਆ ਸੀ।

# ਮੌਸਮ ਵਿਭਾਗ ਨੇ ਹਲਕੀ ਬਾਰਿਸ਼ ਦੀ ਕੀਤੀ ਭਵਿੱਖਬਾਣੀ ! ਪੰਜਾਬ ਦੇ ਤਾਪਮਾਨ 'ਚ ਵੱਡੀ ਤਬਦੀਲੀ

**ਲੋਕ ਬਾਣੀ/ ਨਵੀਂ ਦਿੱਲੀ-**

ਭਾਰਤ ਦੇ ਮੌਸਮ ਵਿਭਾਗ ਨੇ ਮੱਧ ਭਾਰਤ ਵਿੱਚ ਹਲਕੀ ਬਾਰਿਸ਼ ਦੀ ਭਵਿੱਖਬਾਣੀ ਕੀਤੀ ਹੈ। ਵਿਭਾਗ ਮੁਤਾਬਕ 12-14 ਫਰਵਰੀ ਦੌਰਾਨ ਪੂਰਬੀ ਭਾਰਤ ਵਿੱਚ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਇਸ ਦੇ ਨਾਲ ਹੀ ਪੰਜਾਬ ਵਿਚ ਮੌਸਮ ਦੇ ਅੰਦਰ ਵੱਡੀ ਤਬਦੀਲੀ ਵੇਖਣ ਨੂੰ ਮਿਲ ਰਹੀ ਹੈ। ਪੰਜਾਬ ਵਿਚ ਇਸ ਵੇਲੇ ਤਾਪਮਾਨ ਵੱਧ ਰਿਹਾ ਹੈ, ਜਦੋਂਕਿ ਸਵੇਰੇ-ਸ਼ਾਮ ਸੀਤ ਲਹਿਰ ਜਾਰੀ ਹੈ।

ਆਈਐਮਡੀ ਦੇ ਅਨੁਸਾਰ 11-14 ਫਰਵਰੀ ਦੌਰਾਨ ਪੂਰਬੀ ਮੱਧ ਪ੍ਰਦੇਸ਼, ਵਿਦਰਭ, ਛੱਤੀਸਗੜ੍ਹ, ਉੜੀਸਾ, ਬਿਹਾਰ, ਝਾਰਖੰਡ ਅਤੇ ਗੰਗਾ ਪੱਛਮੀ ਬੰਗਾਲ ਵਿੱਚ ਬਿਜਲੀ ਦੇ ਨਾਲ ਹਲਕੀ ਤੀਬਰਤਾ ਵਾਲੇ ਗਰਜ਼-ਤੂਫ਼ਾਨ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ ਤੇਲੰਗਾਨਾ 'ਚ ਹਲਕੀ ਬਾਰਿਸ਼ ਹੋ ਸਕਦੀ ਹੈ।

ਮੌਸਮ ਵਿਭਾਗ ਅਨੁਸਾਰ 12-14 ਫਰਵਰੀ ਦੌਰਾਨ ਦੱਖਣੀ ਉੱਤਰ ਪ੍ਰਦੇਸ਼ ਅਤੇ ਦੱਖਣੀ ਬਿਹਾਰ ਵਿੱਚ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਵਿਭਾਗ ਨੇ ਕਿਹਾ ਕਿ ਅਗਲੇ 4-5 ਦਿਨਾਂ ਦੌਰਾਨ ਉੱਤਰੀ ਭਾਰਤ, ਮੱਧ ਭਾਰਤ ਅਤੇ ਪੂਰਬੀ ਭਾਰਤ ਦੇ ਤਾਪਮਾਨ ਵਿੱਚ 3 ਤੋਂ 5 ਡਿਗਰੀ ਸੈਲਸੀਅਸ ਦਾ ਵਾਧਾ ਹੋ ਸਕਦਾ ਹੈ।

ਆਈਐਮਡੀ ਦੇ ਅਨੁਸਾਰ, ਉੱਤਰੀ ਮੈਦਾਨੀ ਖੇਤਰਾਂ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਘੱਟੋ ਘੱਟ ਤਾਪਮਾਨ 5-10 ਡਿਗਰੀ ਸੈਲਸੀਅਸ ਦੇ ਵਿਚਕਾਰ ਹੈ। ਖੇਤਰ ਦੇ ਕਈ ਹਿੱਸਿਆਂ ਵਿੱਚ ਇਹ ਆਮ ਨਾਲੋਂ 2-4 ਡਿਗਰੀ ਸੈਲਸੀਅਸ ਘੱਟ ਹੈ। ਵਿਭਾਗ ਅਨੁਸਾਰ 10 ਫਰਵਰੀ ਨੂੰ ਹਰਿਆਣਾ ਦੇ ਹਿਸਾਰ ਵਿੱਚ ਸਭ ਤੋਂ ਘੱਟ ਤਾਪਮਾਨ 3.6 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਸੀ।

ਮੌਸਮ ਵਿਭਾਗ ਦੇ ਅਨੁਸਾਰ, ਦੱਖਣ-ਪੂਰਬੀ ਰਾਜਸਥਾਨ, ਦੱਖਣੀ ਬਿਹਾਰ, ਉੱਤਰੀ ਝਾਰਖੰਡ ਅਤੇ ਉੱਤਰੀ ਗੰਗਾ ਪੱਛਮੀ ਬੰਗਾਲ ਦੇ ਕੁਝ ਹਿੱਸਿਆਂ ਵਿੱਚ ਸੀਤ ਲਹਿਰ ਦੇ ਹਾਲਾਤ ਦੇਖੇ ਗਏ। ਹਾਲਾਂਕਿ ਆਉਣ ਵਾਲੇ ਸਮੇਂ 'ਚ ਲੋਕਾਂ ਨੂੰ ਠੰਡ ਤੋਂ ਰਾਹਤ ਮਿਲੇਗੀ।

# ਭਗਵੰਤ ਮਾਨ ਦੀ ਕੋਠੀ ਅੱਗੇ ਬੇਰੁਜ਼ਗਾਰ ਅਧਿਆਪਕਾਂ ‘ਤੇ ਹਲਕਾ ਲਾਠੀਚਾਰਜ

ਲੋਕ ਬਾਣੀ/ ਸੰਗਰੂਰ



ਬੇਰੁਜ਼ਗਾਰ ਅਧਿਆਪਕਾਂ ‘ਤੇ ਹਲਕਾ ਲਾਠੀਚਾਰਜ: ਸਥਾਨਕ ਮੁੱਖ ਮੰਤਰੀ ਭਗਵੰਤ ਮਾਨ ਦੀ ਕੋਠੀ ਅੱਗੇ ਆਪਣੀਆਂ ਮੰਗਾਂ ਲਈ ਆਉਣ ਵਾਲੀਆਂ ਜਥੇਬੰਦੀਆਂ ਉੱਤੇ ਅਕਸਰ ਹੀ ਲਾਠੀਚਾਰਜ਼ ਜਾਂ ਧੱਕਾਮੁੱਕੀ ਹੁੰਦਾ ਰਹਿੰਦਾ ਹੈ।

ਇਸੇ ਤਰਾਂ ਅੱਜ ਬੇਰੁਜ਼ਗਾਰ ਸਾਂਝੇ ਮੋਰਚੇ ਦੀ ਅਗਵਾਈ ਵਿੱਚ ਇਕੱਠੇ ਹੋਏ ਬੇਰੁਜ਼ਗਾਰਾਂ ਨੇ ਵੇਰਕਾ ਮਿਲਕ ਪਲਾਂਟਾਂ ਤੋਂ ਰੋਸ ਮਾਰਚ ਕਰਦੇ ਜਿਉਂ ਹੀ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦੀ ਕੋਸ਼ਿਸ਼ ਕੀਤੀ ਤਾਂ ਪੁਲਿਸ ਪ੍ਰਸ਼ਾਸ਼ਨ ਨੇ ਸਖ਼ਤ ਰੋਕਾਂ ਲਗਾ ਕੇ ਰੋਕ ਲਿਆ।

ਪ੍ਰੰਤੂ ਜੱਦੋ ਜਹਿਦ ਕਰਦੇ ਬੇਰੁਜ਼ਗਾਰਾਂ ਨੇ ਜਦੋਂ ਪੁਲਿਸ ਰੋਕਾਂ ਪਾਰ ਕਰਨ ਦੀ ਕੋਸ਼ਿਸ਼ ਕੀਤੀ ਤਾਂ ਪੁਲਿਸ ਨਾਲ ਹੱਥੋਪਾਈ ਹੋ ਗਈ। ਜਿਸ ਵਿਚ ਕੁਝ ਬੇਰੁਜ਼ਗਾਰ ਜ਼ਮੀਨ ਉੱਪਰ ਡਿੱਗ ਪਏ।

ਲੰਮੀ ਕਸ਼ਮਕਸ਼ ਮਗਰੋਂ ਸੰਗਰੂਰ ਪ੍ਰਸ਼ਾਸਨ ਵੱਲੋਂ ਬੇਰੁਜ਼ਗਾਰ ਸਾਂਝੇ ਮੋਰਚੇ ਨੂੰ 21 ਫਰਵਰੀ ਲਈ ਪੰਜਾਬ ਸਰਕਾਰ ਨਾਲ ਮੁੱਖ ਮੰਤਰੀ ਦਫ਼ਤਰ ਚੰਡੀਗੜ੍ਹ ਵਿਖੇ ਮੀਟਿੰਗ ਨਿਸਚਿਤ ਕਰਵਾਉਣ ਤੋਂ ਬਾਅਦ ਬੇਰੁਜ਼ਗਾਰ ਸ਼ਾਂਤ ਹੋਏ ਅਤੇ ਉਨ੍ਹਾਂ ਆਪਣਾ ਧਰਨਾ ਖ਼ਤਮ ਕਰ ਦਿੱਤਾ।

ਬੇਰੁਜ਼ਗਾਰ ਮੋਰਚੇ ਆਗੂਆਂ ਸੁਖਵਿੰਦਰ ਸਿੰਘ ਢਿੱਲਵਾਂ, ਜਸਵੰਤ ਘੁਬਾਇਆ, ਰਮਨ ਕੁਮਾਰ ਮਲੋਟ, ਹਰਜਿੰਦਰ ਝੁਨੀਰ ਅਤੇ ਹਰਜਿੰਦਰ ਮਾਨਸਾ ਨੇ ਕਿਹਾ ਕਿ ਸਰਕਾਰ ਚੋਣਾਂ ਵੇਲੇ ਕੀਤੇ ਵਾਅਦੇ ਮੁੱਕਰ ਚੁੱਕੀ ਹੈ। ਲੋਕਾਂ ਦੇ ਦੁਆਰ ਪਹੁੰਚਣ ਦੇ ਡਰਾਮੇ ਕਰਨ ਵਾਲੀ ਸਰਕਾਰ ਖੁਦ ਦੇ ਦੁਆਰ ਆਏ ਬੇਰੁਜ਼ਗਾਰਾਂ ਦੀਆਂ ਮੰਗਾਂ ਨਹੀਂ ਸੁਣ ਰਹੀ ਸਗੋਂ ਜ਼ਬਰ ਕਰ ਰਹੀ ਹੈ। ਬੇਰੁਜ਼ਗਾਰ ਆਗੂਆਂ ਨੇ ਦੱਸਿਆ ਕਿ ਦੋ ਸਾਲ ਵਿੱਚ ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਭਰਤੀ ਦਾ ਕੋਈ ਵੀ ਇਸ਼ਤਿਹਾਰ ਜਾਰੀ ਨਹੀਂ ਕੀਤਾ ਗਿਆ। ਬੇਰੁਜ਼ਗਾਰਾਂ ਨੇ ਕਿਹਾ ਕਿ ਪੰਜਾਬ ਸਰਕਾਰ ਕੇਜਰੀਵਾਲ ਨੂੰ ਵਾਰ-ਵਾਰ ਪੰਜਾਬ ਬੁਲਾ ਕੇ ਫੋਕੀਆਂ ਪ੍ਰਾਪਤੀਆਂ ਗਿਣਾ ਕੇ ਲੋਕ ਸਭਾ ਚੋਣਾਂ ਜਿੱਤਣ ਦੀ ਨਾਕਾਮ ਕੋਸ਼ਿਸ਼ ਕਰ ਰਹੀ ਹੈ।

ਇਸ ਮੌਕੇ ਅਮਨ ਸੇਖਾ, ਸੁਖਪਾਲ ਖ਼ਾਨ, ਕੁਲਦੀਪ ਸਿੰਘ ਭੁਟਾਲ, ਮੁਨੀਸ਼ ਕੁਮਾਰ, ਵਰਿੰਦਰ ਸਿੰਘ, ਸੁਖਦੇਵ ਬਰਨਾਲਾ, ਲਲਿਤਾ ਪਟਿਆਲਾ, ਮਨਪ੍ਰੀਤ ਕੌਰ ਭੁੱਚੋ, ਗੁਰਜੀਤ ਕੌਰ, ਸਿਮਰਨਜੀਤ ਕੌਰ, ਪ੍ਰਭਸਿਮਰਨ ਕੌਰ, ਗੁਰਸਿਮਰਨ ਕੌਰ,ਅਨੀਤਾ ਦੇਵੀ ਭੀਖੀ, ਗਗਨਦੀਪ ਕੌਰ ਭੁੱਚੋ, ਨਵਦੀਪ ਕੌਰ ਬਰਨਾਲਾ, ਰਜਨੀ ਬਾਲਾ ਰਾਮਪੁਰਾ, ਮਨਜੀਤ ਕੌਰ ਦਿੜ੍ਹਬਾ, ਮਨਦੀਪ ਕੌਰ ਦਿੜ੍ਹਬਾ, ਰਾਧਿਕਾ ਪਟਿਆਲਾ, ਰਮਨਦੀਪ ਕੌਰ ਸਮਾਣਾ, ਹਰਪ੍ਰੀਤ ਕੌਰ ਸਮਾਣਾ, ਸਵਰਨਜੀਤ ਕੌਰ ਸੰਗਰੂਰ, ਮਮਤਾ ਨਵਾਂ ਸ਼ਹਿਰ, ਜਸਵੀਰ ਕੌਰ ਹਰਦਿਤਪੁਰਾ, ਰਾਜਵੀਰ ਕੌਰ ਸੰਗਰੂਰ, ਰਮਨਦੀਪ ਕੌਰ ਮਲੇਰਕੋਟਲਾ, ਹੀਰਾ ਲਾਲ ਅੰਮ੍ਰਿਤਸਰ, ਸੰਦੀਪ ਮੋਫਰ, ਜਸਵਿੰਦਰ ਕੁਮਾਰ ਭੀਖੀ, ਗੁਰਵਿੰਦਰ ਸਿੰਘ ਜਖੇਪਲ, ਸੰਦੀਪ ਧੌਲਾ, ਸਤਪਾਲ ਪਟਿਆਲਾ, ਨਵਦੀਪ ਧਨੌਲਾ, ਸੁਨੀਲ ਫਾਜ਼ਿਲਕਾ, ਬੂਟਾ ਫਾਜ਼ਿਲਕਾ, ਅਮਨਦੀਪ ਪੁਰੀ ਬਰਨਾਲਾ, ਸੁਰਜੀਤ ਕੁਮਾਰ ਨਵਾਂ ਸ਼ਹਿਰ, ਸੁਖਦੇਵ ਨੰਗਲ, ਕੁਲਵਿੰਦਰ ਮਲੇਰਕੋਟਲਾ, ਜਤਿੰਦਰ ਪਟਿਆਲਾ, ਹਰਪ੍ਰੀਤ ਚੌਹਾਨ ਸੰਗਰੂਰ, ਸ਼ੰਕਰ,ਸੁਰਿੰਦਰ ਸੁਨਾਮ, ਦਰਸ਼ਨ ਸੰਗਰੂਰ, ਪ੍ਰਕਾਸ਼ ਲੁਧਿਆਣਾ, ਅਵਤਾਰ ਭੁੱਚੋ, ਮਨਦੀਪ ਸੰਗਰੂਰ, ਦੀਪ ਸ਼ਰਮਾ, ਜਗਤਾਰ ਬੁਢਲਾਡਾ, ਅਸ਼ੀਸ਼ ਬੁਢਲਾਡਾ, ਰਾਕੇਸ਼ ਪਠਾਨਕੋਟ, ਨਰੇਸ਼ ਪਠਾਨਕੋਟ, ਮਨਪ੍ਰੀਤ ਸੰਗਰੂਰ, ਬਚਿੱਤਰ ਬੁਢਲਾਡਾ ਆਦਿ ਹਾਜ਼ਰ ਸਨ।

## ਜਨਮ ਦਿਨ ਦੀਆਂ ਮੁਬਾਰਕਾਂ




ਗੁਰਸੀਰਤ ਕੌਰ ਪੁਤਰੀ ਸੁਖਵਿੰਦਰ ਸਿੰਘ, ਨੂੰ ਜਨਮ ਦਿਨ ਦੀਆਂ ਮੁਬਾਰਕਾਂ

# ਕਮਿਸ਼ਨਰੇਟ ਪੁਲਿਸ ਨੇ ਹਨੀ ਟ੍ਰੈਪ ਰਾਹੀਂ ਲੋਕਾਂ ਨੂੰ ਬਲੈਕਮੇਲ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕੀਤਾ ਗਿਰੋਹ ਦੀਆਂ ਤਿੰਨ ਔਰਤਾਂ ਨੂੰ ਗ੍ਰਿਫਤਾਰ ਕੀਤਾ

ਲੋਕ ਬਾਣੀ/ ਜਲੰਧਰ



ਪੁਲਿਸ ਕਮਿਸ਼ਨਰ ਸ੍ਰੀ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਿਸ ਨੇ ਹਨੀ ਟਰੈਪ ਰਾਹੀਂ ਲੋਕਾਂ ਤੋਂ ਪੈਸੇ ਵਸੂਲਣ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕੀਤਾ ਹੈ।ਵੇਰਵਿਆਂ ਦਾ ਖੁਲਾਸਾ ਕਰਦਿਆਂ ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਪੁਲਿਸ ਨੂੰ ਸੁਰਾਗ ਮਿਲੀ ਸੀ ਕਿ ਇੱਕ ਗਿਰੋਹ ਹਨੀ ਟਰੈਪ ਰਾਹੀਂ ਲੋਕਾਂ ਤੋਂ ਪੈਸੇ ਵਸੂਲਣ ਦਾ ਧੰਦਾ ਕਰਦਾ ਹੈ। ਉਨ੍ਹਾਂ ਦੱਸਿਆ ਕਿ ਇਹ ਗਰੋਹ ਲੋਕਾਂ ਨੂੰ ਹੋਟਲਾਂ ਦੇ ਕਮਰਿਆਂ ਵਿੱਚ ਬੁਲਾ ਕੇ ਰਿਕਾਰਡ ਕੀਤੀਆਂ ਵੀਡੀਓ ਬਣਾ ਕੇ ਬਲੈਕਮੇਲ ਕਰਦਾ ਸੀ। ਸ੍ਰੀ ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਿਸ ਪਾਰਟੀ ਨੇ ਜਲੰਧਰ ਦੇ ਨੰਗਲ ਸ਼ਾਮਾ ਚੌਂਕ ਨੇੜੇ ਇੱਕ ਜਾਲ ਵਿਛਾ ਕੇ ਗਿਰੋਹ ਦੇ ਤਿੰਨ ਮੈਂਬਰਾਂ ਨੂੰ ਕਾਬੂ ਕੀਤਾ ਹੈ।ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਫੜੇ ਗਏ ਦੋਸ਼ੀਆਂ ਦੀ ਪਹਿਚਾਣ ਪ੍ਰੀਤ ਕੌਰ ਪੁੱਤਰੀ ਕਮਲਜੀਤ ਸਿੰਘ ਵਾਸੀ ਐਚ.ਐਨ.ਓ.ਐਲ 51 ਅਮਰੀਕ ਨਗਰ ਜਲੰਧਰ, ਅਮਨ ਪਤਨੀ ਰਿਸ਼ਵ ਵਾਸੀ ਅਮਰੀਕ ਨਗਰ ਸਾਹਮਣੇ ਰਾਜੂ ਕਰਿਆਨਾ ਸਟੋਰ ਜਲੰਧਰ ਅਤੇ ਮੋਹਿਨੀ ਪਤਨੀ ਰਾਕੇਸ਼ ਕੁਮਾਰ ਵਾਸੀ ਅਮਰੀਕ ਨਗਰ, ਸਾਹਮਣੇ ਰਾਜੂ ਕਰਿਆਨਾ ਸਟੋਰ ਜਲੰਧਰ ਵਜੋਂ ਹੋਈ ਹੈ ? ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਖ਼ਿਲਾਫ਼ ਥਾਣਾ ਰਾਮਾ ਮੰਡੀ ਜਲੰਧਰ ਵਿਖੇ ਮੁਕੱਦਮਾ ਨੰਬਰ 44 ਮਿਤੀ 09-02-2024 ਅ/ਧ 384/420/120ਬੀ/506 ਆਈ.ਪੀ.ਸੀ. ਦਰਜ ਕੀਤਾ ਗਿਆ ਹੈ । ਸ੍ਰੀ ਸਵਪਨ ਸ਼ਰਮਾ ਨੇ ਦੱਸਿਆ ਕਿ ਫੜੇ ਗਏ ਮੁਲਜ਼ਮਾਂ ਦਾ ਅਜੇ ਤੱਕ ਕੋਈ ਵੀ ਅਪਰਾਧਿਕ ਪਿਛੋਕੜ ਨਹੀਂ ਲੱਭਿਆ ਹੈ।ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਜਾਂਚ ਦੇ ਆਧਾਰ ‘ਤੇ ਇਹ ਵੀ ਸਾਹਮਣੇ ਆਇਆ ਹੈ ਕਿ ਇਕ ਹੋਰ ਅਪਰਾਧੀ ਧਰਮਿੰਦਰ ਗਿੱਲ ਵਾਸੀ ਬਸਤੀ ਬਾਵਾ ਖੇਲ ਜਲੰਧਰ ਵੀ ਇਸ ਅਪਰਾਧ ਦਾ ਹਿੱਸਾ ਸੀ। ਉਨ੍ਹਾਂ ਕਿਹਾ ਕਿ ਫਰਾਰ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ ਜਿਸ ਲਈ ਟੀਮਾਂ ਦਾ ਗਠਨ ਕਰ ਦਿੱਤਾ ਗਿਆ ਹੈ। ਸ੍ਰੀ ਸਵਪਨ ਸ਼ਰਮਾ ਨੇ ਦੱਸਿਆ ਕਿ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ ਅਤੇ ਵੇਰਵੇ ਬਾਅਦ ਵਿੱਚ ਸਾਂਝੇ ਕੀਤੇ ਜਾਣਗੇ।

# ਪਟਵਾਰੀ 42 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਗ੍ਰਿਫਤਾਰ, ਇੰਤਕਾਲ ਦਰਜ ਕਰਨ ਬਦਲੇ ਮੰਗੀ ਸੀ ਵੱਢੀ

ਲੋਕ ਬਾਣੀ/ ਚੰਡੀਗੜ੍ਹ

: ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਅੰਮ੍ਰਿਤਸਰ ਵਿਖੇ ਤਾਇਨਾਤ ਮਾਲ ਪਟਵਾਰੀ ਸੁਨੀਲ ਦੱਤ ਖਿਲਾਫ਼ 42,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਭ੍ਰਿਸ਼ਟਾਚਾਰ ਦਾ ਮੁਕੱਦਮਾ ਦਰਜ ਕਰਕੇ ਗ੍ਰਿਫਤਾਰ ਕਰ ਲਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਟੇਟ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਵਿਰੁੱਧ ਇਹ ਮਾਮਲਾ ਪਿੰਡ ਜੱਲੋਕੇ, ਜ਼ਿਲ੍ਹਾ ਅੰਮ੍ਰਿਤਸਰ ਦੇ ਵਸਨੀਕ ਗੁਰਸਾਹਿਬ ਸਿੰਘ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਆਨਲਾਈਨ ਸ਼ਿਕਾਇਤ ਦਰਜ ਕਰਵਾਉਣ ਉਪਰੰਤ ਦਰਜ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਨੇ ਉਸ ਦੀ ਜ਼ਮੀਨ ਦਾ ਇੰਤਕਾਲ ਦਰਜ ਕਰਨ ਬਦਲੇ ਉਸ ਤੋਂ 42,000 ਰੁਪਏ ਰਿਸ਼ਵਤ ਲਈ ਹੈ।

ਦੱਸਣਯੋਗ ਹੈ ਕਿ ਵਿਜੀਲੈਂਸ ਰੇਂਜ ਅੰਮ੍ਰਿਤਸਰ ਵੱਲੋਂ ਸ਼ਿਕਾਇਤ ਦੀ ਪੜਤਾਲ ਦੌਰਾਨ ਸ਼ਿਕਾਇਤਕਰਤਾ ਵੱਲੋਂ ਲਾਏ ਗਏ ਦੋਸ਼ ਸਹੀ ਪਾਏ ਗਏ।

ਇਸ ਰਿਪੋਰਟ ਦੇ ਆਧਾਰ 'ਤੇ ਉਕਤ ਮੁਲਜ਼ਮ ਖਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰਕੇ ਉਕਤ ਪਟਵਾਰੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# 16 ਫਰਵਰੀ ਦੇ ਭਾਰਤ ਬੰਦ ਦਾ ਇਨਕਲਾਬੀ ਜਥੇਬੰਦੀ ਲੋਕ ਮੋਰਚਾ ਪੰਜਾਬ ਵੱਲੋਂ ਸਮਰਥਨ

ਲੋਕ ਬਾਣੀ/ ਚੰਡੀਗੜ੍ਹ-




ਇਨਕਲਾਬੀ ਜਥੇਬੰਦੀ ਲੋਕ ਮੋਰਚਾ ਪੰਜਾਬ ਨੇ 16 ਫਰਵਰੀ ਨੂੰ ਵੱਖ ਵੱਖ ਤਬਕਿਆਂ ਦੀਆਂ ਜਥੇਬੰਦੀਆਂ ਵੱਲੋਂ ਦਿੱਤੇ ਭਾਰਤ ਬੰਦ ਦੇ ਸੱਦੇ ਦੇ ਸਮਰਥਨ ਦਾ ਐਲਾਨ ਕੀਤਾ ਹੈ ਅਤੇ ਸਮੂਹ ਲੋਕਾਂ ਨੂੰ ਇਸ ਸੱਦੇ ਨੂੰ ਸਫਲ ਬਣਾਉਣ ਲਈ ਅਪੀਲ ਕੀਤੀ ਹੈ।

ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਸਕੱਤਰ ਜਗਮੇਲ ਸਿੰਘ ਅਤੇ ਸੂਬਾ ਕਮੇਟੀ ਮੈਂਬਰ ਗੁਰਦੀਪ ਸਿੰਘ ਮਲੋਟ ਨੇ ਕਿਹਾ ਕਿ ਹਕੂਮਤ ਦੀਆਂ ਸਾਮਰਾਜ ਪੱਖੀ ਆਰਥਿਕ ਨੀਤੀਆਂ ਲੋਕਾਂ ਦੇ ਸਾਰੇ ਤਬਕਿਆਂ ਦੇ ਖਿਲਾਫ ਭੁਗਤ ਰਹੀਆਂ ਹਨ ਅਤੇ ਇਹਨਾਂ ਨੀਤੀਆਂ ਦੇ ਕਾਰਨ ਜ਼ਮੀਨਾਂ, ਪਾਣੀ, ਜੰਗਲ, ਊਰਜਾ ਵਰਗੇ ਸੋਮਿਆਂ ਸਮੇਤ ਰੁਜ਼ਗਾਰ ਸਿਹਤ ਅਤੇ ਸਿੱਖਿਆ ਵਰਗੇ ਖੇਤਰ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ।

ਸਾਡੇ ਦੇਸ਼ ਦਾ ਖਜ਼ਾਨਾ ਇਥੇ ਲੋਕਾਂ ਲਈ ਸਨਮਾਨਜਨਕ ਰੁਜ਼ਗਾਰ ਸਿਰਜਣ, ਪੱਕੇ ਅਤੇ ਸਰਕਾਰੀ ਰੁਜ਼ਗਾਰ ਵਿੱਚ ਜਾਨ ਪਾਉਣ, ਇਥੋਂ ਦੇ ਕੁਦਰਤੀ ਸੋਮਿਆਂ ਨੂੰ ਪ੍ਰਫੁੱਲਤ ਕਰਕੇ ਲੋਕ ਹਿਤਾਂ ਵਿੱਚ ਵਰਤਣ ਦੀ ਥਾਂ ਵੱਡੀਆਂ ਸਾਮਰਾਜੀ ਕੰਪਨੀਆਂ ਅਤੇ ਕਾਰਪੋਰੇਟ ਘਰਾਣਿਆਂ ਨੂੰ ਮੁਨਾਫਿਆਂ,ਛੋਟਾਂ ਅਤੇ ਹੋਰ ਸਹੂਲਤਾਂ ਵਿੱਚ ਲੁਟਾਇਆ ਜਾ ਰਿਹਾ ਹੈ। ਸਾਡੇ ਦੇਸ਼ ਦਾ ਹਰ ਖੇਤਰ ਕਾਰਪੋਰੇਟ ਅਤੇ ਸਾਮਰਾਜੀ ਲੁੱਟ ਲਈ ਖੋਲ ਦਿੱਤਾ ਗਿਆ ਹੈ।ਇਸ ਕਰਕੇ ਇਹਨਾਂ ਨੀਤੀਆਂ ਦਾ ਵਿਰੋਧ ਹਰ ਤਬਕੇ ਦੀ ਸਾਂਝੀ ਲੋੜ ਹੈ।

ਇਸ ਕਰਕੇ ਨਾ ਸਿਰਫ ਇਹਨਾਂ ਨੀਤੀਆਂ ਦੇ ਵੱਖੋ ਵੱਖਰੇ ਤਬਕਿਆਂ ਅੰਦਰ ਹੁੰਦੇ ਇਜ਼ਹਾਰਾਂ ਅਤੇ ਇਹਨਾਂ ਤਹਿਤ ਲਏ ਜਾਂਦੇ ਕਦਮਾਂ ਖਿਲਾਫ ਸਾਂਝਾ ਵਿਰੋਧ ਜੁਟਾਉਣਾ ਚਾਹੀਦਾ ਹੈ, ਸਗੋਂ ਇਹਨਾਂ ਨੀਤੀਆਂ ਨੂੰ ਮੁੱਢੋਂ ਸੁੱਢੋਂ ਰੱਦ ਕਰਵਾਉਣ ਲਈ ਸਾਂਝੇ ਸੰਘਰਸ਼ਾਂ ਦਾ ਪੈੜਾ ਬੰਨ੍ਹਣਾ ਚਾਹੀਦਾ ਹੈ।ਇਸ ਪੱਖੋਂ ਲੋਕਾਂ ਦੇ ਵੱਖ ਵੱਖ ਤਬਕਿਆਂ ਵੱਲੋਂ ਭਾਰਤ ਬੰਦ ਦਾ ਸਾਂਝਾ ਸੱਦਾ ਸਵਾਗਤਯੋਗ ਕਦਮ ਹੈ। ਆਗੂਆਂ ਨੇ ਕਿਹਾ ਕਿ ਲੋਕਾਂ ਵੱਲੋਂ ਹਕੂਮਤੀ ਨੀਤੀਆਂ ਖਿਲਾਫ ਅਜਿਹੇ ਸਾਂਝੇ ਸੱਦੇ ਦਾ ਮਹੱਤਵ ਇਸ ਸਮੇਂ ਹੋਰ ਵੀ ਵਧੇਰੇ ਹੈ ਜਦੋਂ ਇਹਨਾਂ ਨੀਤੀਆਂ ਨੂੰ ਹਰ ਹੀਲੇ ਲਾਗੂ ਕਰ ਰਹੀ ਮੋਦੀ ਸਰਕਾਰ ਆਪਣੇ ਕੁਕਰਮਾਂ ਤੋਂ ਧਿਆਨ ਭਟਕਾਉਣ ਲਈ ਜੋਰ ਸ਼ੋਰ ਨਾਲ ਫਿਰਕੂ ਲਾਮਬੰਦੀਆਂ ਕਰ ਰਹੀ ਹੈ। ਹਕੂਮਤ ਵੱਲੋਂ ਲੋਕ ਰੋਹ ਨਾਲ ਨਜਿੱਠਣ ਲਈ ਮਜਬੂਤ ਕੀਤੀ ਜਾ ਰਹੀ ਰਾਜ ਮਸ਼ੀਨਰੀ ਅਤੇ ਸਾਣ ਉੱਤੇ ਲਾਏ ਜਾ ਰਹੇ ਕਾਲੇ ਕਾਨੂੰਨਾਂ ਖਿਲਾਫ ਵਿਰੋਧ ਵੀ ਇਸੇ ਇੱਕਜੁੱਟਤਾ ਦੀ ਮੰਗ ਕਰਦਾ ਹੈ। ਆਗੂਆਂ ਨੇ ਇਸ ਬੰਦ ਨੂੰ ਅਸਰਦਾਰ ਬਣਾਉਣ ਅਤੇ ਹਕੂਮਤ ਨੂੰ ਜੋਰਦਾਰ ਸੁਣਾਉਣੀ ਕਰਨ ਲਈ ਸਮੂਹ ਲੋਕਾਂ ਨੂੰ ਇਸ ਵਿੱਚ ਸਰਗਰਮ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ ਹੈ।

# 12 ਤੋਂ 17 ਫ਼ਰਵਰੀ ਤੱਕ ਮਨਾਇਆ ਜਾਵੇਗਾ ਵਿਸ਼ੇਸ਼ ਟੀਕਾਕਰਨ ਹਫ਼ਤਾ- ਡਾ. ਕਿਰਪਾਲ ਸਿੰਘ

## ਟੀਕਾਕਰਨ ਦੀ ਕਵਰੇਜ ਨੂੰ ਕੀਤਾ ਜਾਵੇਗਾ ਹੋਰ ਮਜ਼ਬੂਤ- ਸਿਵਲ ਸਰਜਨ

ਲੋਕ ਬਾਣੀ/ ਸ਼ੇਰਪੁਰ 11 ਫ਼ਰਵਰੀ (ਰਵੀ ਟਿੱਬਾ)




ਸਿਹਤ ਵਿਭਾਗ ਪੰਜਾਬ ਵੱਲੋਂ ਜਾਰੀ ਆਦੇਸ਼ਾਂ ਤਹਿਤ ਸਿਵਲ ਸਰਜਨ ਡਾ. ਕਿਰਪਾਲ ਸਿੰਘ ਦੀ ਅਗਵਾਈ ਵਿੱਚ ਜਿਲ੍ਹਾ ਭਰ ਅੰਦਰ ਵਿਸ਼ੇਸ਼ ਟੀਕਾਕਰਨ ਹਫਤਾ ਮਨਾਇਆ ਜਾ ਰਿਹਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਕਿਰਪਾਲ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਦੇ ਹੁਕਮਾਂ ਮੁਤਾਬਕ ਮਿਤੀ 12 ਫਰਵਰੀ ਦਿਨ ਸੋਮਵਾਰ ਤੋਂ 17 ਫਰਵਰੀ ਤਕ ਵਿਸ਼ੇਸ਼ ਟੀਕਾਕਰਨ ਹਫਤਾ ਮਨਾਇਆ ਜਾ ਰਿਹਾ ਹੈ। ਇਸ ਦਾ ਮੁੱਖ ਉਦੇਸ਼ 5 ਸਾਲ ਤਕ ਦੇ ਬੱਚਿਆਂ ਅਤੇ ਗਰਭਵਰਤੀਆਂ ਦੇ ਟੀਕਾਕਰਨ ਦੀ ਕਵਰੇਜ ਨੂੰ ਮਜ਼ਬੂਤ ਕਰਨਾ ਹੈ। ਇਸ ਲਈ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਅਤੇ ਗਰਭਵਤੀਆਂ ਜਿਨ੍ਹਾਂ ਦਾ ਟੀਕਾਕਰਨ ਅਧੂਰਾ ਹੈ ਜਾਂ ਫਿਰ ਕਿਸੇ ਕਾਰਨ ਰਹਿ ਗਿਆ ਹੈ, ਉਸ ਨੂੰ ਪੂਰਾ ਕੀਤਾ ਜਾਵੇਗਾ। ਨਿਰਧਾਰਤ ਟੀਕਾਕਰਣ ਸੂਚੀ ਤੋਂ ਇਲਾਵਾ ਮੀਜਲ ਅਤੇ ਰੂਬੈਲਾ ਦੇ ਟੀਕਾਕਰਨ ਦੇ ਦੂਸਰੀ ਖੁਰਾਕ ਦੀ 100%ਕਵਰੇਜ ਕਰਨੀ ਯਕੀਨੀ ਬਣਾਈ ਜਾਵੇਗੀ ਅਤੇ 10ਤੋਂ 16 ਸਾਲ ਦੇ ਪਰਵਾਸੀ ਬੱਚਿਆਂ ਟੀ. ਡੀ. ਦਾ ਟੀਕਾ ਵੀ ਲਗਾਇਆ ਜਾਵੇਗਾ।

ਸਿਵਲ ਸਰਜਨ ਨੇ ਦੱਸਿਆ ਕਿ ਅਤਿ ਜ਼ੋਖਮ ਵਾਲੇ ਖੇਤਰ ਜਿਵੇਂ ਕਿ ਪਰਵਾਸੀ ਆਬਾਦੀ, ਖਾਨਾਬਦੋਸ਼ ਸਾਈਟਾਂ, ਇੱਟਾਂ ਦੇ ਭੱਠਿਆਂ ਆਦਿ 'ਤੇ ਰਹਿਣ ਵਾਲੇ ਲੋਕਾਂ ਦੇ ਬੱਚਿਆਂ ਅਤੇ ਗਰਭਵਤੀਆਂ ਦਾ ਵਿਸ਼ੇਸ਼ ਤੌਰ 'ਤੇ ਧਿਆਨ ਰੱਖਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਮੁਹਿਮ ਤਹਿਤ ਉਪਰੋਕਤ ਥਾਵਾਂ 'ਤੇ ਸੀਨੀਅਰ ਮੈਡੀਕਲ ਅਫਸਰ ਇਨ੍ਹਾਂ ਕੈਂਪਾਂ ਦਾ ਨਿਰੀਖਣ ਕਰਨਗੇ ਤੇ ਨਾਲ ਹੀ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ।

# ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਤਲਵਾੜ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 11 ਫਰਵਰੀ(ਦਵਿੰਦਰਪਾਲ ਸਿੰਘ)




: ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਮਸ਼ਹੂਰ ਤਲਵਾੜ ਪਰਿਵਾਰ ਦੇ ਜਸਵਿੰਦਰ ਸਿੰਘ ਤਲਵਾੜ ਦੀ ਧਰਮ ਪਤਨੀ ਅਤੇ ਨੌਜਵਾਨ ਪੱਤਰਕਾਰ ਦਵਿੰਦਰਪਾਲ ਸਿੰਘ ਦੀ ਚਾਚੀ ਬੀਬੀ ਦਲਜੀਤ ਕੌਰ ਦੇ ਸੰਖੇਪ ਬਿਮਾਰੀ ਤੋਂ ਬਾਅਦ ਅਕਾਲ ਚਲਾਣਾ ਮਗਰੋਂ ਅੱਜ ਉਨ੍ਹਾਂ ਦੇ ਗ੍ਰਹਿ ਵਿਖੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਬੀਬੀ ਦਲਜੀਤ ਕੌਰ ਦਾ ਭਰੀ ਫੁੱਲਵਾੜੀ ਨੂੰ ਛੱਡ ਕਿ ਤੁਰ ਜਾਣਾ ਪਰਿਵਾਰ ਲਈ ਬਹੁਤ ਵੱਡਾ ਘਾਟਾ ਹੈ। ਉਨ੍ਹਾਂ ਕਿਹਾ ਕਿ ਉਹ ਇਸ ਦੁੱਖ ਦੀ ਘੜੀ ਵਿਚ ਪਰਿਵਾਰ ਨਾਲ ਖੜ੍ਹੇ ਹਨ। ਉਨ੍ਹਾਂ ਵਾਹਿਗੁਰੂ ਅੱਗੇ ਪਰਿਵਾਰ ਨੂੰ ਭਾਣਾ ਮੰਨਣ ਅਤੇ ਵਿਛੜੀ ਪਵਿੱਤਰ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਦੀ ਅਰਦਾਸ ਵੀ ਕੀਤੀ। ਇਸਤੋਂ ਪਹਿਲਾਂ ਸਥਾਨਕ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਬੀਬੀ ਦਲਜੀਤ ਕੌਰ ਨਮਿਤ ਭੋਗ ਅਤੇ ਅੰਤਿਮ ਅਰਦਾਸ ਸਮਾਗਮ ਕਰਵਾਇਆ ਗਿਆ। ਜਿਸ ਵਿਚ ਵੱਖ-ਵੱਖ ਆਗੂਆਂ ਵੱਲੋਂ ਬੀਬੀ ਦਲਜੀਤ ਕੌਰ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਬੀਬੀ ਦਲਜੀਤ ਕੌਰ ਦੇ ਸਪੁੱਤਰ ਇੰਦਰਪ੍ਰੀਤ ਸਿੰਘ ਤਲਵਾੜ ਤੋਂ ਇਲਾਵਾ ਨਗਰ ਕੌਂਸਲ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ, ਵਪਾਰ ਮੰਡਲ ਦੇ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ, ਦੀਪਕ ਆਂਗਰਾ ਪ੍ਰਧਾਨ ਵਪਾਰ ਵਿੰਗ ਆਪ, ਆਪ ਆਗੂ ਹਰਤੇਗਬੀਰ ਸਿੰਘ ਤੇਗੀ, ਰਵਿੰਦਰਪਾਲ ਸਿੰਘ ਰਾਜਾ, ਮਹਿੰਦਰਮੋਹਨ ਸਿੰਘ, ਤਰਨਪਾਲ ਸਿੰਘ, ਬਲਾਕ ਪ੍ਰਧਾਨ ਜਗਜੀਤ ਸਿੰਘ ਜੱਗੀ, ਸੁਰਿੰਦਰ ਸਿੰਘ ਸੋਨੀ, ਟਰੱਕ ਯੂਨੀਅਨ ਦੇ ਪ੍ਰਧਾਨ ਰੋਹਿਤ ਕਾਲੀਆ, ਜਸਪ੍ਰੀਤ ਸਿੰਘ ਜੇਪੀ, ਗੁਰਵਿੰਦਰ ਸਿੰਘ ਖੋਸਲਾ, ਅਭਿਜੀਤ ਸਿੰਘ, ਬੀਬੀ ਸੁਰਿੰਦਰਪਾਲ ਕੌਰ, ਬੀਬੀ ਮਨਜੀਤ ਕੌਰ, ਜਸਪ੍ਰੀਤ ਕੌਰ, ਗਗਨਦੀਪ ਕੌਰ ਆਦਿ ਵੀ ਮੌਜੂਦ ਸਨ।

# ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਵਾਰਡ ਨੰ: 4 ਵਾਸੀਆਂ ਨੂੰ ਦਿੱਤਾ ਪਾਰਕ ਦਾ ਤੋਹਫਾ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 11 ਫਰਵਰੀ(ਦਵਿੰਦਰਪਾਲ ਸਿੰਘ)



ਪੰਜਾਬ ਸਰਕਾਰ ਵਲੋਂ ਲੋਕਾਂ ਨੂੰ ਘਰਾਂ ਦੇ ਨਜ਼ਦੀਕ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ ਦੇ ਮਕਸਦ ਨਾਲ 'ਆਪ ਦੀ ਸਰਕਾਰ, ਆਪ ਦੇ ਦੁਆਰ' ਮੁਹਿੰਮ ਤਹਿਤ ਲਗਾਏ ਗਏ ਕੈਂਪਾਂ ਵਿਚ ਲੋੜਵੰਦਾਂ ਨੂੰ ਬੂਹਾਂ ਤੇ ਸਰਕਾਰੀ ਲੋਕਪੱਖੀ ਯੋਜਨਾਵਾ ਉਨ੍ਹਾਂ ਦੇ ਘਰਾਂ ਦੇ ਨਜ਼ਦੀਕ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇੰਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਭਾਸ਼ਾ ਵਿਭਾਗ ਪੰਜਾਬ ਨੇ ਬੀਤੀ ਸ਼ਾਮ ਸ੍ਰੀ ਅਨੰਦਪੁਰ ਸਾਹਿਬ ਵਾਰਡ ਨੰ: 4 ਵਿਖੇ ਲੱਗੇ ਕੈਂਪਾਂ 'ਚ ਸ਼ਿਰਕਤ ਕਰਨ ਉਪਰੰਤ ਇਲਾਕਾ ਵਾਸੀਆਂ ਦੇ ਭਰਵੇ ਤੇ ਪ੍ਰਭਾਵਸ਼ਾਲੀ ਇਕੱਠ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਨ੍ਹਾਂ ਕੈਂਪਾਂ ਵਿਚ ਆਏ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਜਾਇਜ਼ਾ ਲਿਆ।

ਕੈਬਨਿਟ ਮੰਤਰੀ ਨੇ ਕੈਂਪ ਦੇ ਪ੍ਰਬੰਧਾਂ ਦਾ ਜਾਇਜ਼ਾ ਲੈ ਕੇ ਜਿੱਥੇ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਸਰਕਾਰੀ ਸੇਵਾਵਾਂ ਬਾਰੇ ਜਾਣਕਾਰੀ ਲਈ, ਉੱਥੇ ਹੀ ਹਾਜ਼ਰੀਨ ਲੋਕਾਂ ਨਾਲ ਵਿਚਾਰ ਵਟਾਂਦਰਾ ਵੀ ਕੀਤਾ। ਉਨ੍ਹਾਂ ਕਿਹਾ ਕਿ ਕੈਂਪਾਂ ਦੌਰਾਨ ਬਿਨੈਕਾਰਾਂ ਦੀ ਸਹੂਲਤ ਲਈ ਹੈਲਪ ਡੈਸਕ ਬਣਾਏ ਗਏ ਹਨ ਤਾਂ ਜੋ ਉਨ੍ਹਾਂ ਨੂੰ ਫਾਰਮ ਭਰਨ ਆਦਿ ਵਿਚ ਸਹਾਇਤਾ ਕੀਤੀ ਜਾਵੇ ਅਤੇ ਵੱਧ ਤੋਂ ਵੱਧ ਲੋਕ ਇੰਨਾਂ ਕੈਂਪਾਂ ਰਾਹੀਂ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਲੈ ਸਕਣ। ਉਨ੍ਹਾਂ ਵਾਰਡ ਨੰ: 4 ਵਾਸੀਆਂ ਨੂੰ ਸੋਗਾਤ ਦਿੰਦੇ ਹੋਏ ਦੱਸਿਆ ਕਿ ਇਸ ਖੇਤਰ ਵਿੱਚ ਨਗਰ ਕੌਂਸਲ ਵੱਲੋਂ ਲੋਕਾਂ ਦੀ ਸਹੂਲਤ ਲਈ ਪਾਰਕ ਉਸਾਰਿਆ ਜਾਵੇਗਾ ਜੋ ਆਮ ਲੋਕਾਂ ਲਈ ਇੱਕ ਤੋਹਫਾ ਹੋਵੇਗੀ।

ਇਸ ਮੌਕੇ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ, ਦੀਪਕ ਆਗਰਾਂ ਪ੍ਰਧਾਨ ਵਪਾਰ ਮੰਡਲ, ਹਰਤੇਗਵੀਰ ਸਿੰਘ ਤੇਗੀ, ਜਗਜੀਤ ਸਿੰਘ ਜੱਗੀ ਬਲਾਕ ਪ੍ਰਧਾਨ, ਜਸਪ੍ਰੀਤ ਸਿੰਘ ਜੇ.ਪੀ, ਬੀਟੀ ਸਿੱਧੂ, ਆਤਮਾ ਸਿੰਘ ਘੱਟੀਵਾਲ ਸਾਬਕਾ ਬੈਂਕ ਅਫਸਰ, ਮਾਸਟਰ ਦਰਸ਼ਨ ਸਿੰਘ, ਤਜਿੰਦਰ ਸਿੰਘ, ਮਾਸਟਰ ਵੀਰ ਸਿੰਘ, ਪ੍ਰਿੰਸ ਉੱਪਲ, ਸਰਬਜੀਤ ਕੌਰ, ਬੰਟੀ ਸਹੋਤਾ, ਗੁਲਜਾਰ ਸਿੰਘ, ਕੌਸਲਰ, ਆਮ ਆਦਮੀ ਪਾਰਟੀ ਦੇ ਆਗੂ ਅਤੇ ਸਮੂਹ ਵਾਰਡ ਵਾਸੀ ਹਾਜ਼ਰ ਸਨ।

# ਜਲਦ ਸ਼ੁਰੂ ਹੋਵੇਗਾ ਸ਼੍ਰੀ ਅਨੰਦਪੁਰ ਸਾਹਿਬ ਰਾਸ਼ਟਰੀ ਮਾਰਗ ਦੀ ਮੁਰੰਮਤ ਦਾ ਕੰਮ - ਹਰਜੋਤ ਸਿੰਘ ਬੈਂਸ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 11 ਫਰਵਰੀ(ਦਵਿੰਦਰਪਾਲ ਸਿੰਘ)

: ਖਾਲਸੇ ਦੀ ਜਨਮ ਭੂਮੀ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਦੇਸ਼ਾਂ ਵਿਦੇਸ਼ਾਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਲਈ ਆਉਂਦੀਆਂ ਹਨ, ਜਿਸ ਦੇ ਚੱਲਦਿਆਂ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ ਤੇ ਸ਼੍ਰੀ ਅਨੰਦਪੁਰ ਸਾਹਿਬ ਦਾ ਸਰਵਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ। ਗੁਰੂ ਨਗਰੀ ਦੀ ਦਿੱਖ ਨੂੰ ਹੋਰ ਸੁੰਦਰ ਬਣਾਉਣ ਲਈ ਨਗਰ ਦੇ ਦਾਖਲਾ ਗੇਟਾਂ ਦੇ ਸੁੰਦਰੀਕਰਨ, ਪੰਜ ਪਿਆਰਾ ਪਾਰਕ ਦੇ ਨਵੀਨੀਕਰਨ, ਸ਼ਾਨਦਾਰ ਲਾਈਟਾਂ ਦੇ ਕੰਮ ਮੁਕੰਮਲ ਹੋ ਚੁੱਕੇ ਹਨ।



ਇਸ ਬਾਰੇ ਹੋਰ ਵਧੇਰੇ ਜਾਣਕਾਰੀ ਦਿੰਦੇ ਹੋਏ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਜਲਦ 3 ਕਰੋੜ ਰੁਪਏ ਦੀ ਲਾਗਤ ਨਾਲ ਸ਼੍ਰੀ ਅਨੰਦਪੁਰ ਸਾਹਿਬ ਆਉਣ ਵਾਲੇ ਰਾਸ਼ਟਰੀ ਮਾਰਗ ਦੀ ਮੁਰੰਮਤ ਦਾ ਕੰਮ ਸੂਰੂ ਹੋਣ ਜਾ ਰਿਹਾ ਹੈ, ਜਿਸ ਤੋਂ ਬਾਅਦ ਇਸ ਸੜਕ ਤੇ ਸੁਚਾਰੂ ਆਵਾਜਾਈ ਜਲਦ ਸ਼ੁਰੂ ਹੋ ਜਾਵੇਗੀ। ਇਹ ਜਾਣਕਾਰੀ ਉਨਾਂ ਅੱਜ "ਆਪ ਦੀ ਸਰਕਾਰ ਆਪ ਦੇ ਦੁਆਰ" ਪ੍ਰੋਗਰਾਮ ਤਹਿਤ ਸ਼੍ਰੀ ਅਨੰਦਪੁਰ ਸਾਹਿਬ ਦੇ ਵਾਰਡ ਨੰਬਰ 5 ਵਿੱਚ ਲੱਗੇ ਕੈਂਪ ਵਿੱਚ ਪਹੁੰਚੇ ਇਲਾਕਾ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਦਿੱਤੀ। ਉਨਾਂ ਦੱਸਿਆ ਕਿ ਟੋਲ ਪਲਾਜ਼ਾ ਬੰਦ ਹੋਣ ਤੋ ਬਾਅਦ ਸ਼੍ਰੀ ਅਨੰਦਪੁਰ ਸਾਹਿਬ ਪਹੁੰਚ ਮਾਰਗ ਤੇ ਕਈ ਥਾਵਾਂ ਉੱਤੇ ਟੋਏ ਪੈਣੇ ਸ਼ੁਰੂ ਹੋਏ ਸਨ, ਜਿਸ ਤੋਂ ਬਾਅਦ ਵਿਸ਼ੇਸ਼ ਤੌਰ ਤੇ ਉਹ ਸੜਕਾਂ ਜਿੱਥੋਂ ਟੋਲ ਪਲਾਜ਼ਾ ਬੰਦ ਕਰਵਾਏ ਗਏ ਸਨ ਦੀ ਜਲਦ ਮੁਰੰਮਤ ਕਰਵਾਉਣ ਲਈ ਸੰਬੰਧਿਤ ਵਿਭਾਗ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ, ਜਿਸ ਤੋਂ ਬਾਅਦ ਹੁਣ ਜੰਗੀ ਪੱਧਰ ਤੇ ਇਨਾਂ ਸੜਕਾਂ ਦੀ ਮੁਰੰਮਤ ਦਾ ਕੰਮ ਸ਼ੁਰੂ ਹੋਵੇਗਾ, ਉਨਾਂ ਕਿਹਾ ਕਿ ਹੁਣ ਬਾਹਰੋਂ ਆਉਣ ਵਾਲੀਆਂ ਸੰਗਤਾਂ ਨੂੰ ਕਿਸੇ ਵੀ ਤਰਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ ਤੇ ਸੁਚਾਰੂ ਆਵਾਜਾਈ ਦੀ ਸਹੂਲਤ ਮਿਲੇਗੀ। ਇਸ ਮੌਕੇ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਜਗਜੀਤ ਸਿੰਘ ਜੱਗੀ ਬਲਾਕ ਪ੍ਰਧਾਨ, ਜਸਵੀਰ ਸਿੰਘ ਅਰੋੜਾ ਜਿਲ੍ਹਾ ਪ੍ਰਧਾਨ ਵਪਾਰ ਮੰਡਲ, ਇੰਦਰਜੀਤ ਸਿੰਘ ਅਰੋੜਾ ਪ੍ਰਧਾਨ ਵਪਾਰ ਮੰਡਲ, ਦੀਪਕ ਆਂਗਰਾ ਪ੍ਰਧਾਨ ਵਪਾਰ ਮੰਡਲ, ਹਰਤੇਗਵੀਰ ਤੇਗੀ ਸੀਨੀਅਰ ਲੀਡਰ, ਸੱਮੀ ਬਰਾਰੀ ਯੂਥ ਪ੍ਰਧਾਨ, ਪ੍ਰਵੀਨ ਕੌਸ਼ਲ ਕੌਸਲਰ, ਗੁਰਪ੍ਰੀਤ ਕੌਰ, ਦਲਜੀਤ ਸਿੰਘ ਕੈਂਥ, ਪਰਮਵੀਰ ਸਿੰਘ ਕੌਸਲਰ, ਹਰਬਖਸ਼ ਸਿੰਘ ਕਾਰਜ ਸਾਧਕ ਅਫਸਰ, ਪੱਮੀ, ਮਾਸਟਰ ਮੋਹਨ ਲਾਲ, ਅਭਿਜੀਤ ਅਲੈਕਸ,ਦਵਿੰਦਰ ਸਿੰਘ ਸਿੱਦੂ ਬਲਾਕ ਪ੍ਰਧਾਨ, ਇੰਦਰਜੀਤ ਕੌਸ਼ਲ, ਵਿਕਰਮ, ਪਰਮਵੀਰ ਸਿੰਘ, ਪ੍ਰਵੀਨ ਕੌਸ਼ਲ, ਊਸ਼ਾ ਰਾਣੀ, ਰਣਜੀਤ ਕੌਰ, ਹਰਪਾਲ ਕੌਰ ਤੇ ਵੱਡੀ ਗਿਣਤੀ ਵਿਚ ਪਤਵੰਤੇ ਹਾਜ਼ਰ ਸਨ।

# ਬਰਕਤ ਕੁਟੀਆ ਕਾਲਾਬੂਲਾ ਵਿਖੇ ਵਿਸ਼ਾਲ ਭੰਡਾਰਾਂ 14 ਨੂੰ

ਲੋਕ ਬਾਣੀ/ ਸ਼ੇਰਪੁਰ 11 ਫ਼ਰਵਰੀ (ਰਵੀ ਟਿੱਬਾ)



ਕਸਬਾ ਸ਼ੇਰਪੁਰ ਨੇੜਲੇ ਪਿੰਡ ਕਾਲਾਬੂਲਾ ਵਿਖੇ ਸ੍ਰੀ ਸੁਤੇ ਸਿੱਧ ਵਿਸ਼ਰਾਮ ਆਸ਼ਰਮ ( ਬਰਕਤ ਕੁਟੀਆ ) ਇਤਿਹਾਸਕ ਅਸਥਾਨ ਸ੍ਰੀ ਸ੍ਰੀ 1008 ਚਰਨ ਕਮਲ ਪੂਜਾਂ ਪਾਠ ਸਰਵ ਉਪਮਾਂ ਯੋਗ ਸਰਵ ਸ਼ਕਤੀਮਾਨ ਬ੍ਰਹਮਜੋਤ ਪ੍ਰਕਾਸ਼ਤਮ ਪੂਜਨੀਕ ਬ੍ਰਹਮਲੀਨ ਸ੍ਰੀ ਸੁਤੇ ਸਿੱਧ ਮਹਾਂਰਾਜ ਜੀ ਦੀ ਮੂਰਤੀ ਸਥਾਪਨਾਂ ਦਿਵਸ਼ ਬਸੰਤ ਪੰਚਮੀ ਦੇ ਸ਼ੁੱਭ ਦਿਹਾੜੇ ਮੌਕੇਂ ਗੱਦੀ ਨਸ਼ੀਬ ਮਹੰਤ ਸੁਤੇ ਪ੍ਰਕਾਸ਼ ਜੀ ਅਤੇ ਇਲਾਕ ? ਦੀ ਸਾਧ ਸੰਗਤਾਂ ਵੱਲੋਂ ਹਰ ਸਾਲ ਦੀ ਤਰ੍ਹਾਂ 14 ਫ਼ਰਵਰੀ ਦਿਨ ਬੁੱਧਵਾਰ ਨੂੰ 10 ਵਜੇ ਵਿਸ਼ਾਲ ਭੰਡਾਰਾਂ ਕਰਵਾਇਆ ਜਾ ਰਿਹਾਂ ਹੈ । ਇਸ ਮੌਕੇ ਗੱਲਬਾਤ ਕਰਦਿਆਂ ਮਹੰਤ ਸੁਤੇ ਪ੍ਰਕਾਸ਼ ਜੀ ਨੇ ਦੱਸ਼ਿਆ ਕਿ ਇਹ ਅਸਥਾਂਨ ਪੂਜਨੀਕ ਗੁਰੂ ਸ੍ਰੀ ਸੁਤੇ ਸਿੱਧ ਮਹਾਂਰਾਜ ਜੀ ਦਾ ਤਪ ਅਸਥਾਨ ਹੈ, ਇਸ ਅਸਥਾਂਨ ਤੇ ਗੁਰੂ ਦੀ ਮਹਿਮਾਂ ਆਪ ਵਰਤਦੀਆਂ ਹਨ । ਉਹਨਾਂ ਸੰਗਤਾਂ ਨੂੰ ਵੱਧ ਤੋਂ ਵੱਧ ਗਿਣਤੀ 'ਚ ਹਾਜ਼ਰੀ ਭਰਨ ਦੀ ਵੀ ਅਪੀਲ਼ ਕੀਤੀ ।




publisher/chief Editor
**Aman Mehra**
lok bani (news Paper)
lokbani08@gmail.com
www.lokbani.com
mob:99155-94111

**Head Office:**
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵਿਆਹ ਪੁਰਬ ਨੂੰ ਲੈ ਕੇ ਗੁ:ਗੁਰੂ ਕੇ ਮਹਿਲ (ਗੁ:ਭੌਰਾ ਸਾਹਿਬ) ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ

## ਭਲਕੇ ਗੁ:ਗੁਰੂ ਕੇ ਮਹਿਲ (ਗੁ:ਭੌਰਾ ਸਾਹਿਬ) ਤੋਂ ਗੁ:ਗੁਰੂ ਕਾ ਲਾਹੌਰ ਤੱਕ ਸਜਾਇਆ ਜਾਵੇਗਾ ਵਿਸ਼ਾਲ ਨਗਰ ਕੀਰਤਨ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 11 ਫਰਵਰੀ(ਦਵਿੰਦਰਪਾਲ ਸਿੰਘ)

ਕਲਗੀਧਰ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਜੀਤ ਕੌਰ ਜੀ ਦੇ ਅਨੰਦਕਾਰਜ ਵਿਆਹ ਪੁਰਬ ਨੂੰ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਗੁ: ਗੁਰੂ ਕੇ ਮਹਿਲ (ਗੁ:ਭੌਰਾ ਸਾਹਿਬ) ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ਼ ਇਲਾਹੀ ਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ। ਆਰੰਭਤਾ ਦੀ ਅਰਦਾਸ ਗਿਆਨੀ ਜੋਗਿੰਦਰ ਸਿੰਘ ਮੁੱਖ ਗ੍ਰੰਥੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਵੱਲੋਂ ਕੀਤੀ ਗਈ। ਇਸ ਮੌਕੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਅਤੇ ਮੈਨੇਜਰ ਗੁਰਪ੍ਰੀਤ ਸਿੰਘ ਰੋਡੇ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਤ ਬਾਬਾ ਸੁੱਚਾ ਸਿੰਘ ਮੁੱਖ ਪ੍ਰਬੰਧਕ ਕਾਰ ਸੇਵਾ ਕਿਲ੍ਹਾ ਅਨੰਦਗੜ ਸਾਹਿਬ, ਸੰਤ ਬਾਬਾ ਅਵਤਾਰ ਸਿੰਘ ਮੁੱਖ ਪ੍ਰਬੰਧਕ ਗੁ:ਟਿੱਬੀ ਸਾਹਿਬ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰਾਂ ਇਸ ਸਾਲ ਵੀ 13 ਅਤੇ 14 ਫਰਵਰੀ ਨੂੰ ਬਸੰਤ ਪੰਚਮੀ ਮੌਕੇ ਕਲਗੀਧਰ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਜੀਤ ਕੌਰ ਜੀ ਦੇ ਅਨੰਦਕਾਰਜ ਵਿਆਹ ਪੁਰਬ ਗੁ: ਗੁਰੂ ਕਾ ਲਾਹੌਰ ਸਾਹਿਬ (ਹਿਮਾਚਲ ਪ੍ਰਦੇਸ਼) ਵਿਖੇ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਅੱਜ ਆਰੰਭ ਕੀਤੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ 13 ਫਰਵਰੀ ਦਿਨ ਮੰਗਰਲਵਾਰ ਨੂੰ ਸਵੇਰੇ 9 ਵਜੇ ਪਾਏ ਜਾਣਗੇ।ਉਪਰੰਤ ਤਖਤ ਸ੍ਰੀ ਕੇਸਗੜ੍ਹ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰੇ ਸਹਿਬਾਨ ਦੀ ਅਗਵਾਈ 'ਚ ਗੁ: ਗੁਰੂ ਕੇ ਮਹਿਲ ਤੋਂ ਗੁ:ਗੁਰੂ ਕਾ ਲਾਹੌਰ ਸਾਹਿਬ ਤੱਕ ਬਰਾਤ ਰੂਪੀ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ।



ਨਗਰ ਕੀਰਤਨ ਗੁ: ਗੁਰੂ ਕੇ ਮਹਿਲ ਤੋਂ ਆਰੰਭ ਹੋ ਕੇ ਮੇਨ ਬਜ਼ਾਰ, ਕਲਗੀਧਰ ਮਾਰਕੀਟ, ਬੱਸ ਅੱਡਾ ਸ੍ਰੀ ਅਨੰਦਪੁਰ ਸਾਹਿਬ,ਗੰਗੂਵਾਲ ਮੋੜ,ਗੁ: ਸੁਹੇਲਾ ਘੋੜਾ ਸਾਹਿਬ ਤੋਂ ਹੁੰਦਾ ਹੋਇਆ ਗੁ:ਸੇਹਰਾ ਸਾਹਿਬ ਵਿਖੇ ਪਹੁੰਚੇਗਾ।ਜਿੱਥੇ ਕੁਝ ਚਿਰ ਪੜਾਅ ਕਰਨ ਉਪਰੰਤ ਗੁ:ਤ੍ਰਿਬੈਣੀ ਸਾਹਿਬ ਤੋਂ ਹੋ ਕੇ ਗੁ: ਗੁਰੂ ਕਾ ਲਾਹੌਰ ਸਾਹਿਬ ਵਿਖੇ ਪਹੁੰਚ ਕੇ ਸਮਾਪਤ ਹੋਵੇਗਾ। ਉਨ੍ਹਾਂ ਦੱਸਿਆ ਕਿ 14 ਫਰਵਰੀ ਨੂੰ ਗੁਰੂ ਕਾ ਲਾਹੌਰ ਸਾਹਿਬ ਵਿਖੇ ਵਿਸ਼ਾਲ ਧਾਰਮਿਕ ਸਮਾਗਮ ਕਰਵਾਏ ਜਾਣਗੇ ਜਿਸ ਵਿੱਚ ਪੰਥ ਦੇ ਪ੍ਰਸਿੱਧ ਵਿਦਵਾਨ ਕਥਾਵਾਚਕ, ਕੀਰਤਨੀ ਅਤੇ ਢਾਡੀ ਜਥੇ ਇਲਾਹੀ ਬਾਣੀ ਸਰਬਣ ਕਰਵਾ ਕੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਨਗੇ। ਉਨ੍ਹਾਂ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਅਨੰਦਕਾਰਜ ਵਿਆਹ ਪੁਰਬ ਵਿੱਚ ਵੱਧ ਤੋਂ ਵੱਧ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਡਾ.ਦਲਜੀਤ ਸਿੰਘ ਭਿੰਡਰ ਮੈਂਬਰ ਸ਼੍ਰੋਮਣੀ ਕਮੇਟੀ ਹਿਮਾਚਲ ਪ੍ਰਦੇਸ਼, ਅਡੀਸ਼ਨਲ ਮੈਨੇਜਰ ਐਡਵੋਕੇਟ ਹਰਦੇਵ ਸਿੰਘ,ਕਰਮਜੀਤ ਸਿੰਘ,ਭਾਈ ਤਾਰਾ ਸਿੰਘ, ਜਸਪਾਲ ਸਿੰਘ ਅਰੋੜਾ, ਉਰਿੰਦਰ ਸਿੰਘ ਅਰੋੜਾ,ਜਸਵਿੰਦਰ ਸਿੰਘ ਜੋਗਾ,ਤਜਿੰਦਰ ਸਿੰਘ ਵਾਲੀਆਂ, ਜਨਪ੍ਰੀਤ ਸਿੰਘ ਜਨ ਆਦਿਕ ਹਾਜਰ ਸਨ।

## ਵਰੇਗੰਢ ਦੀਆਂ ਬਹੁਤ ਬਹੁਤ ਮੁਬਾਰਕਾਂ



ਆਜ਼ਾਦ ਸੋਚ ਪ੍ਰੈਸ ਕਲੱਬ ਦੇ ਸਰਪ੍ਰਸਤ ਸੇਵਾ ਸਿੰਘ ਅਤੇ ਪੰਜਾਬੀ ਮਿਸਟ੍ਰੈਸ ਕਮਲਜੀਤ ਕੌਰ ਵਾਸੀ ਸ੍ਰੀ ਅਨੰਦਪੁਰ ਸਾਹਿਬ ਨੂੰ ਵਿਆਹ ਦੀ 24ਵੀਂ ਵਰੇਗੰਢ ਦੀਆਂ ਬਹੁਤ ਬਹੁਤ ਮੁਬਾਰਕਾਂ

# ਮਾਤਾ ਸਾਹਿਬ ਕੌਰ ਅਕੈਡਮੀ ਡੱਬਰੀ ਵਿਖੇ 12ਵੀਂ ਦੇ ਵਿਦਿਆਰਥੀਆਂ ਦੀ ਹੋਈ ਵਿਦਾਇਗੀ ਪਾਰਟੀ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 11 ਫਰਵਰੀ(ਦਵਿੰਦਰਪਾਲ ਸਿੰਘ)

ਇੱਥੋਂ ਦੇ ਮਾਤਾ ਸਾਹਿਬ ਕੌਰ ਅਕੈਡਮੀ ਵਿਖੇ 12ਵੀਂ ਜਮਾਤ ਨਾਲ ਸਬੰਧਿਤ ਵਿਦਿਆਰਥੀਆਂ ਨੂੰ 11ਵੀਂ ਜਮਾਤ ਵਲੋਂ ਵਿਦਾਇਗੀ ਪਾਰਟੀ ਦਿੱਤੀ ਗਈ। ਇਸ ਸਮਾਗਮ ਵਿੱਚ ਵਿਸ਼ੇ ?ਸ਼ ਤੌਰ ਤੇ ਪਹੁੰਚੇ ਜਿਲ੍ਹਾ ਯੋਜਨਾ ਕਮੇਟੀ ਦੇ ਸਾਬਕਾ ਚੇਅਰਮੈਨ ਰਮੇਸ਼ ਚੰਦਰ ਦਸਗਰਾਈਂ, ਸੇਵਾ ਮੁਕਤ ਪ੍ਰਿੰਸੀਪਲ ਨਿਰੰਜਣ ਸਿੰਘ ਰਾਣਾ, ਮਹੰਤ ਬਾਬਾ ਪ੍ਰਵੇਸ਼ ਸ਼ਾਹ ਅਤੇ ਜਰਨੈਲ ਸਿੰਘ ਨਿੱਕੂਵਾਲ ਸਾਬਕਾ ਪ੍ਰਧਾਨ ਪ੍ਰੈੱਸ ਕਲੱਬ ਸ੍ਰੀ ਅਨੰਦਪੁਰ ਸਾਹਿਬ ਵਲੋਂ ਵਿਦਿਆਰਥੀਆਂ ਨਾਲ ਆਪਣੇ ਜਿੰਦਗੀ ਦੇ ਤਜਰਬੇ ਸਾਂਝੇ ਕੀਤੇ। ਉਹਨਾ ਬੋਲਦਿਆਂ ਕਿਹਾ ਕਿ ਹਰੇਕ ਪ੍ਰਾਪਤੀ ਮਿਹਨਤ ਤੋਂ ਬਿਨ੍ਹਾਂ ਸੰਭਵ ਨਹੀ ਹੈ।ਇਸ ਲਈ ਵਿਦਿਆਰਥੀਆਂ ਨੂੰ ਆਪਣਾ ਜੀਵਨ ਸਫਲ ਬਣਾਉਣ ਲਈ ਸਖਤ ਤੋਂ ਸਖਤ ਮਿਹਨਤ ਕਰਨੀ ਚਾਹੀਦੀ ਹੈ। ਸਕੂਲ ਮੁਖੀ ਪ੍ਰਿੰਸੀਪਲ ਸੁਰਜੀਤ ਕੌਰ ਵਲੋਂ ਸਾਰੀਆਂ ਸਖਸੀਅਤਾਂ ਦਾ ਧੰਨਵਾਦ ਕੀਤਾ ਗਿਆ। ਇਸ ਤੋਂ ਬਿਨ੍ਹਾਂ ਵਿਦਿਆਰਥੀਆਂ ਵਲੋਂ ਸੱਭਿਆਚਾਰਕ ਸਮਾਗਮ ਵੀ ਪੇਸ਼ ਕੀਤਾ ਗਿਆ। ਮੰਚ



ਸੰਚਾਲਣ ਦੀ ਸੇਵਾ ਅਧਿਆਪਿਕਾ ਹਰਪਿੰਦਰ ਕੌਰ ਤੋਂ ਇਲਾਵਾ 11ਵੀਂ ਦੀਆਂ ਵਿਦਿਆਰਥਣਾਂ ਮਨਪ੍ਰੀਤ ਕੌਰ ਅਤੇ ਇੰਦਰਪ੍ਰੀਤ ਕੌਰ ਨੇ ਸਾਂਝੇ ਤੌਰ ਤੇ ਨਿਭਾਈ। ਇਸ ਮੌਕੇ ਹਰਮੇਲ ਸਿੰਘ, ਬਲਵੀਰ ਸਿੰਘ, ਐਡ. ਹਰਸਾਹਿਬ ਸਿੰਘ, ਡੌਲੀ ਸ਼ਰਮਾ, ਕੁਲਵੀਰ ਕੌਰ, ਤੀਰਥ ਕੌਰ, ਪੂਨਮ ਸ਼ਰਮਾ, ਪਵਨ ਕੁਮਾਰ, ਰੋਹਿਤ ਕੁਮਾਰ, ਨਵਜੋਤ ਸਿੰਘ, ਦਵਿੰਦਰ ਕੌਰ, ਕੁਲਦੀਪ ਕੌਰ, ਮਨਪ੍ਰੀਤ ਕੌਰ, ਅਮਰਜੀਤ ਕੌਰ, ਮੰਜੂ ਬਾਲਾ, ਮੀਨਾ ਬੇਦੀ, ਮਨਜਿੰਦਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਅਤੇ ਮਾਪੇ ਹਾਜਰ ਸਨ।

# ਮਾਈਟੀ ਖਾਲਸਾ ਇੰਟਰਨੈਸ਼ਨਲ ਸਕੂਲ ਵੱਲੋਂ ਵਿਦਿਆਰਥੀਆਂ ਨੂੰ 12ਵੀਂ ਫੇਲ ਫਿਲਮ ਦਿਖਾਈ ਗਈ

## ਜੀਵਨ ਵਿਚ ਮਿਹਨਤ ਅਤੇ ਸਮਰਪਣ ਰਾਹੀਂ ਸਫਲਤਾ ਹਾਸਲ ਕਰਨ ਦੀ ਪ੍ਰੇਰਣਾ ਨੂੰ ਦਰਸਾਉਂਦੀ ਹੈ ਫਿਲਮ

**ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 11 ਫਰਵਰੀ (ਦਵਿੰਦਰਪਾਲ ਸਿੰਘ)**

ਮਾਈਟੀ ਖਾਲਸਾ ਇੰਟਰਨੈਸ਼ਨਲ ਸਕੂਲ ਵੱਲੋਂ ਵਿਦਿਆਰਥੀਆਂ ਦੀ ਬਹੁਪੱਖੀ ਸ਼ਖਸ਼ੀਅਤ ਨੂੰ ਘੜਨ ਵਾਸਤੇ ਅਤੇ ਵਰਤਮਾਨ ਤੇ ਭਵਿੱਖ ਦੀਆਂ ਚੁਣੌਤੀਆਂ ਦੇ ਲਈ ਤਿਆਰ ਬਰ ਤਿਆਰ ਰਹਿਣ ਵਾਸਤੇ ਸਮੇਂ ਸਮੇਂ ਤੇ ਕੋਈ ਨਾ ਕੋਈ ਗਤੀਵਿਧੀ ਸਕੂਲ ਵਿਚ ਜਾਂ ਸਕੂਲ ਤੋਂ ਬਾਹਰ ਨੈਸ਼ਨਲ ਲੈਵਲ ਤੇ ਆਯੋਜਿਤ ਕੀਤੀ ਜਾਂਦੀ ਰਹਿੰਦੀ ਹੈ। ਪਿਛਲੇ ਸਮਿਆਂ ਵਿਚ ਸਕੂਲ ਵੱਲੋਂ ਬਹੁਤ ਸਾਰੀਆਂ ਟਰੇਨਿੰਗ, ਪ੍ਰਦਰਸ਼ਨੀਆਂ, ਫਨ ਟਰਿਪ, ਧਾਰਮਿਕ ਗਤੀਵਿਧੀਆਂ, ਖੇਡ ਸਮਾਰੋਹ, ਵੱਖ ਵੱਖ ਮੁਕਾਬਲੇ ਆਦਿ ਕਰਵਾਏ ਗਏ ਜਿਸ ਨਾਲ ਵਿਦਿਆਰਥੀਆਂ ਦੀ ਸਰੀਰਕ, ਮਾਨਸਿਕ ਅਤੇ ਬੌਧਿਕ ਪੱਧਰ ਵਿਚ ਵਾਧਾ ਵੇਖਣ ਨੂੰ ਮਿਲਦਾ ਹੈ। ਇਸੇ ਲੜੀ ਵਿਚ ਕਲ੍ਹ ਸਕੂਲ ਵੱਲੋਂ ਵਿਦਿਆਰਥੀਆਂ ਨੂੰ 12ਵੀਂ ਫੇਲ ਫਿਲਮ ਦਿਖਾਈ ਗਈ ਜੋ ਕਿ ਜੀਵਨ ਦੇ ਵਿਚ ਮਿਹਨਤ ਕਰਕੇ ਵੱਖ ਵੱਖ ਚੁਣੌਤੀਆਂ ਦਾ ਸਾਹਮਣਾ ਕਰਕੇ ਆਪਣੇ ਸੁਪਨਿਆਂ ਨੂੰ ਹਾਸਲ ਕਰਨ ਦੀ ਸਿਖਲਾਈ ਦਿੰਦੀ ਹੈ। ਇਹ ਫਿਲਮ ਮਨੋਜ ਕੁਮਾਰ ਸ਼ਰਮਾ ਨਾਮਕ ਇਨਸਾਨ ਤੇ ਅਧਾਰਿਤ ਹੈ ਜੋ ਕਿ ਬਹੁਤ ਗਰੀਬੀ ਦੀ ਅਵਸਥਾ ਵਿਚ ਚੰਬਲ ਦੇ ਇਲਾਕੇ ਤੋਂ ਨਿਕਲ ਕੇ ਆਈ.ਪੀ.ਐਸ. ਬਣਨ ਦੇ ਆਪਣੇ ਸੁਪਨੇ ਨੂੰ ਪੂਰਾ ਕਰਦਾ ਹੈ। ਆਈ.ਪੀ.ਐਸ. ਮਨੋਜ ਕੁਮਾਰ ਸ਼ਰਮਾ ਨੂੰ ਆਪਣੇ ਜੀਵਨ ਵਿਚ ਜੋ ਦੁਖ, ਤਕਲੀਫਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਇੰਨੀ ਗਰੀਬੀ ਦੀ ਹਾਲਤ ਵਿਚ ਵੀ ਉਹ ਜਿਸ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਦਾ ਹੈ ਅਤੇ ਤਿੰਨ ਵਾਰ ਆਈ.ਪੀ.ਐਸ. ਦੇ ਇਮਤਿਹਾਨ ਵਿਚ ਫੇਲ ਹੋਣ ਦੇ ਬਾਵਜੂਦ ਉਹ ਆਖਰੀ ਵਾਰ ਵਿਚ ਕਿਵੇਂ ਆਪਣਾ ਸੁਪਨਾ ਪੂਰਾ ਕਰਦਾ ਹੈ, ਨੂੰ ਇਸ ਫਿਲਮ ਵਿਚ ਬਹੁਤ ਬਾਖੂਬੀ ਤਰੀਕੇ ਨਾਲ ਦਿਖਾਇਆ ਹੈ। ਇਹ ਫਿਲਮ ਵਿਦਿਆਰਥੀਆਂ ਨੂੰ ਪ੍ਰੇਰਣਾ ਦਿੰਦੀ ਹੈ ਕਿ ਚਾਹੇ ਜ਼ਿੰਦਗੀ ਵਿਚ ਜਿੰਨੀਆਂ ਮਰਜ਼ੀ ਤਕਲੀਫਾਂ ਹੋਣ ਪਰ ਜੇ ਤੁਸੀਂ ਪੂਰੇ ਵਿਸ਼ਵਾਸ਼ ਨਾਲ ਮਿਹਨਤ ਕਰਦੇ ਹੋ ਤਾਂ ਇਕ ਦਿਨ ਆਪਣੇ ਸੁਪਨਿਆਂ ਨੂੰ ਸਾਕਾਰ ਜ਼ਰੂਰ ਕਰ ਸਕਦੇ ਹੋ। ਇਨ੍ਹਾਂ ਸੁਪਨਿਆਂ ਨੂੰ ਸਾਕਾਰ ਕਰਨ ਲਈ ਛੋਟੀਆਂ ਭੁੱਖਾਂ ਅਤੇ ਚੀਟਿੰਗ ਛੱਡ ਕੇ ਮਿਹਨਤ ਕਰਨਾ ਹੀ ਸਾਡਾ ਅਸਲ ਟਿੱਚਾ ਹੈ, ਫੇਲ੍ਹ ਹੋਣ ਦੇ ਬਾਵਜੂਦ ਵੀ ਜ਼ਿੰਦਗੀ ਵਿਚ ਹਾਰ ਨਹੀਂ ਮੰਨਣੀ ਚਾਹੀਦੀ ਅਤੇ ਫਿਰ ਤੋਂ ਰਿਸਟਾਰਟ ਕਰਕੇ ਹੋਰ ਸਮਰਪਣ ਨਾਲ ਅੱਡੇ ਵਧਣਾ ਚਾਹੀਦਾ ਹੈ। ਗੌਰਤਲਬ ਹੈ ਕਿ ਬਹੁਤ ਵਧੀਆ ਸਮਾਜਕ ਸੰਦੇਸ਼ ਅਤੇ ਵਧੀਆ ਕਰਗੁਜ਼ਾਰੀ ਕਰਕੇ ਇਸ ਫਿਲਮ ਨੂੰ ਬੈਸਟ ਫਿਲਮ ਦਾ ਐਵਾਰਡ ਵੀ ਮਿਲ ਚੁੱਕਿਆ ਹੈ। ਫਿਲਮ ਦੇਖਣ ਤੋਂ ਬਾਦ ਸਕੂਲ ਦੇ ਡਾਇਰੈਕਟਰ ਡਾ. ਅਮਿਤੋਜ ਸਿੰਘ ਵੱਲੋਂ ਵਿਦਿਆਰਥੀਆਂ ਨਾਲ ਕਾਉਂਸਲਿੰਗ ਕੀਤੀ ਗਈ ਜਿਸ ਵਿਚ ਉਨ੍ਹਾਂ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਦੱਸਿਆ ਕਿ ਜ਼ਿੰਦਗੀ ਵਿਚ ਕਾਮਯਾਬ ਹੋਣਾ ਹੈ ਤਾਂ ਬਾਹਰ ਦੇ ਹਨੇਰੇ ਨਾਲ ਲੜਨ ਦੇ ਨਾਲ ਅੰਦਰ ਦੇ ਹਨੇਰੇ ਨਾਲ ਵੀ ਲੜਨਾ ਪਵੇਗਾ, ਵੱਡਿਆਂ ਦੀ ਅਸੀਸ ਲੈ ਕੇ ਸਹੀ ਮਾਰਗਦਰਸ਼ਨ ਪ੍ਰਾਪਤ ਕਰਕੇ ਵੱਡੇ ਕਾਰਜ ਕਰਨੇ ਪੈਣਗੇ ਨਹੀਂ ਤਾਂ ਅੱਜ ਦੇ ਐਨੇ ਔਖੇ ਸਮੇਂ ਵਿਚ ਜਿਥੇ ਇੰਨੀ ਬੇਰੁਜ਼ਗਾਰੀ, ਗਰੀਬੀ, ਮਹਿੰਗਾਈ ਅਤੇ ਕੋਮਪੀਟੀਸ਼ਨ ਹੈ, ਉਥੇ ਕਾਮਯਾਬ ਹੋਣਾ ਬਹੁਤ ਮੁਸ਼ਕਲ ਹੈ। ਸੋ ਸਾਨੂੰ ਵੱਡੇ ਸੁਪਨੇ ਸਾਕਾਰ ਕਰਨ ਲਈ ਹਰ ਪੱਖ ਤੋਂ ਮਜ਼ਬੂਤ ਹੋਣਾ ਪਵੇਗਾ ਅਤੇ ਚੰਗੀ ਵਿਦਿਆ ਹਾਸਲ ਕਰਕੇ ਬਹੁਪੱਖੀ ਸ਼ਖਸ਼ੀਅਤ ਬਣਨਾ ਪਵੇਗਾ ਤਾਂ ਜੋ ਅਸੀਂ ਆਪਣਾ, ਆਪਣੇ ਇਲਾਕੇ, ਆਪਣੇ ਮਾਤਾ ਪਿਤਾ ਅਤੇ ਆਪਣੇ ਵਿਦਿਆ ਦਾਤਿਆਂ ਦਾ ਮਾਣ ਵਧਾ ਸਕੀਏ।



## ਅੱਜ ਅਯੁੱਧਿਆ ਲਈ ਰਵਾਨਾ ਹੋਵੇਗੀ ਆਸਥਾ ਟਰੇਨ, ਨੰਗਲ ਤੋਂ ਸਵੇਰੇ ਸੱਤ ਵਜੇ ਹੋਵੇਗੀ ਰਵਾਨਾ

**ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 11 ਫਰਵਰੀ (ਦਵਿੰਦਰਪਾਲ ਸਿੰਘ)**



ਸ੍ਰੀ ਰਾਮ ਜਨਮ ਭੂਮੀ ਸ੍ਰੀ ਅਯੁੱਧਿਆ ਦੇ ਦਰਸ਼ਨਾਂ ਲਈ ਅੱਜ ਇੱਕ ਵਿਸ਼ੇਸ਼ ਆਸਥਾ ਟਰੇਨ ਨੰਗਲ ਡੈਮ ਤੋਂ ਸਵੇਰੇ 7 ਵਜੇ ਰਵਾਨਾ ਹੋਵੇਗੀ। ਇਹ ਜਾਣਕਾਰੀ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸ. ਅਜੈਵੀਰ ਸਿੰਘ ਲਾਲਪੁਰਾ ਨੇ ਦਿੱਤੀ। ਉਨ੍ਹਾ ਦੱਸਿਆ ਕਿ ਸ਼ਰਧਾਲੂਆਂ ਦੀ ਮੰਗ ਅਨੁਸਾਰ ਇਸ ਟਰੇਨ ਦਾ ਠਹਿਰਾਅ ਰੂਪਨਗਰ, ਸ੍ਰੀ ਅਨੰਦਪੁਰ ਸਾਹਿਬ, ਕੀਰਤਪੁਰ ਸਾਹਿਬ ਅਤੇ ਮੋਰਿੰਡਾ ਸਟੇਸ਼ਨ 'ਤੇ ਵੀ ਹੋਵੇਗਾ। ਲਾਲਪੁਰਾ ਨੇ ਦੱਸਿਆ ਕਿ ਟਰੇਨ ਅੱਜ 12 ਫਰਵਰੀ ਨੂੰ ਨੰਗਲ ਡੈਮ ਤੋਂ ਸਵੇਰੇ 7 ਵਜੇ ਸ਼ੁਰੂ ਹੋਵੇਗੀ ਅਤੇ 13 ਫਰਵਰੀ ਨੂੰ ਤੜਕੇ 2:55 ਵਜੇ ਅਯੁੱਧਿਆ ਕੈਂਟ ਪਹੁੰਚੇਗੀ। ਜਦੋਂਕਿ ਇਹ ਰੇਲਗੱਡੀ 14 ਫਰਵਰੀ ਨੂੰ 12:40 ਵਜੇ ਨੰਗਲ ਡੈਮ ਲਈ ਵਾਪਸੀ ਕਰੇਗੀ ਤੇ ਅਗਲੇ ਦਿਨ ਸ਼ਾਮ 4:45 ਵਜੇ ਵਾਪਸ ਨੰਗਲ ਡੈਮ ਪਹੁੰਚੇਗੀ। ਉਨ੍ਹਾਂ ਇਸ ਵਿਸ਼ੇਸ਼ ਰੇਲਗੱਡੀ ਲਈ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ ਅਤੇ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਦਾ ਧੰਨਵਾਦ ਕੀਤਾ ਜਿਨ੍ਹਾਂ ਦੇ ਯਤਨਾਂ ਸਦਕਾ ਇਹ ਆਸਥਾ ਟਰੇਨ ਜ਼ਿਲ੍ਹਾ ਰੂਪਨਗਰ ਤੋਂ ਸ਼ੁਰੂ ਹੋਣ ਜਾ ਰਹੀ ਹੈ।

## ਸਰਕਾਰ ਆਪ ਕੇ ਦੁਆਰ ਤਹਿਤ ਅੱਜ ਮਜਾਰਾ ਖੁਰਦ ਵਿਖੇ ਕੈਂਪ ਲਗਾਇਆ ਗਿਆ

**ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ**

–ਸਰਕਾਰ ਆਪ ਕੇ ਦੁਆਰ ਤਹਿਤ ਅੱਜ ਵਿਸ਼ੇਸ ਕੈਂਪ ਡਾਕਟਰ ਅਕਸ਼ਿਤਾ ਗੁਪਤਾ ਐਸ ਡੀ ਐਮ ਸਾਹਿਬ ਨਵਾਸ਼ਹਿਰ ਜੀ ਦੇ ਦਿਸ਼ਾ ਨਿਰਦੇਸ਼ਾ ਤਹਿਤ ਪਿੰਡ ਮਜਾਰਾ ਖੁਰਦ ਵਿਖੇ ਲਗਾਇਆ ਗਿਆ।ਇਸ ਕੈਂਪ ਵਿੱਚ ਪ੍ਰੇਮ ਸਾਗਰ ਵਰਮਾ,ਰਾਕੇਸ਼ ਕੁਮਾਰ ਸੁਆਮੀ,ਤਜਿੰਦਰ ਸਿੰਘ ਪਟਵਾਰੀ ਮੋਕਾ ਪਰ ਪਹੁੰਚਕੇ ਮਾਲ ਰਿਕਾਰਡ ਸਬੰਧੀ ਸੇਵਾਵਾ ਦਿੱਤੀਆ ਗਈਆ।ਇੰਤਕਾਲ ਦਰੁਸਤੀ ਸਬੰਧੀ ਸ਼ਕਾਇਤਾ ਸੁੱਣੀਆ ਗਈਆ। ਇਸਤੋ ਇਲਾਵਾ ਸਬੰਧਤ ਮਹਿਕਮੇ ਦੀਆ ਸ਼ਕਾਇਤਾ ਸੁਣੀਆ ਗਈਆ।ਮੋਕਾ ਪਰ ਹੀ ਸ਼ਕਾਇਤਾ ਦਾ ਨਿਪਟਾਰਾ ਕੀਤਾ ਗਿਆ। ਆਮ ਲੋਕਾ ਨੂੰ ਇਸ ਕੈਂਪ ਦੋਰਾਨ ਰਾਹਤ ਮਿਲੀ।ਲੋਕਾ ਦੇ ਕੰਮ ਵਿਸ਼ੇਸ ਕੈਪ ਰਾਹੀ ਕਰਵਾਕੇ ਸਰਕਾਰ ਦੇ ਚੁੱਕੇ ਗਏ ਕਦਮ ਦੀ ਸਲਾਘਾ ਕੀਤੀ ਗਈ।



# ਦੋ ਰੋਜ਼ਾ ਹਾਕੀ ਟੂਰਨਾਮੈਂਟ 'ਚ ਹਾਕੀ ਕਲੱਬ ਅੰਨਦਪੁਰ ਸਾਹਿਬ ਲੜਕੇ ਅਤੇ ਰੋਪੜ ਹਾਕੀ ਕਲੱਬ ਲੜਕੀਆਂ ਨੇ ਮਾਰੀ ਬਾਜ਼ੀ

ਲੋਕ ਬਾਣੀ/ ਸ਼੍ਰੀ ਅਨੰਦਪੁਰ ਸਾਹਿਬ, 11 ਫਰਵਰੀ (ਦਵਿੰਦਰਪਾਲ ਸਿੰਘ)




ਸਥਾਨਕ ਸ੍ਰੀ ਅਨੰਦਪੁਰ ਸਾਹਿਬ ਹਾਕੀ ਕਲੱਬ ਵੱਲੋਂ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਮਰਪਿਤ ਅੰਡਰ 16 ਦੋ ਰੋਜ਼ਾ ਹਾਕੀ ਟੂਰਨਾਮੈਂਟ ਯਾਦਗਾਰ ਹੋ ਨਿਬੜਿਆ। ਇਸ ਟੂਰਨਾਮੈਂਟ ਚ ਪੰਜਾਬ ਤੋਂ ਇਲਾਵਾ ਹਰਿਆਣਾ, ਹਿਮਾਚਲ, ਰਾਜਸਥਾਨ ਅਤੇ ਬਿਹਾਰ ਦੇ ਲੜਕੇ ਅਤੇ ਲੜਕੀਆਂ ਦੀਆਂ ਟੀਮਾਂ ਨੇ ਭਾਗ ਲਿਆ। ਟੂਰਨਾਮੈਂਟ ਦੇ ਦੂਜੇ ਦਿਨ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਬੱਚਿਆਂ ਨੂੰ ਆਪਣਾ ਅਸ਼ੀਰਵਾਦ ਦਿੱਤਾ।

ਹਾਕੀ ਟੂਰਨਾਮੈਂਟ ਦੇ ਦੂਜੇ ਦਿਨ ਸੈਮੀਫਾਈਨਲ ਅਤੇ ਫਾਈਨਲ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਚ ਲੜਕੀਆਂ ਦੀ ਟੀਮ ਚ ਰੋਪੜ ਹਾਕੀ ਕਲੱਬ ਨੇ ਪਹਿਲਾ ਸਥਾਨ, ਪਟਿਆਲਾ ਹਾਕੀ ਕਲੱਬ ਨੇ ਦੂਜਾ ਸਥਾਨ ਹਾਸਲ ਕੀਤਾ। ਇਸ ਤਰ੍ਹਾਂ ਲੜਕਿਆਂ ਦੇ ਮੁਕਾਬਲਿਆਂ ਚ ਪਹਿਲਾ ਸਥਾਨ ਹਾਕੀ ਕਲੱਬ ਅੰਨਦਪੁਰ ਸਾਹਿਬ , ਦੂਜਾ ਸਥਾਨ ਪਟਿਆਲਾ ਹਾਕੀ ਕਲੱਬ ਨੇ ਹਾਸਲ ਕੀਤਾ। ਇਸ ਟੂਰਨਾਮੈਂਟ ਚ ਅੰਨਦਪੁਰ ਸਾਹਿਬ ਅਤੇ ਊਨਾ ਦੇ ਸੀਨੀਅਰ ਖਿਡਾਰੀਆਂ ਦਾ ਸ਼ੋ ਮੈਚ ਕਰਵਾਇਆ ਗਿਆ, ਜਿਸ ਚ ਊਨਾ ਦੀ ਟੀਮ ਨੇ ਜਿੱਤ ਹਾਸਲ ਕੀਤੀ। ਇਸ ਤੋਂ ਇਲਾਵਾ ਬੈਸਟ ਖਿਡਾਰੀ ਤਰਨਜੋਤ ਸਿੰਘ ਅਤੇ ਬੈਸਟ ਗੋਲਕੀਪਰ ਸਹਿਜ ਅੰਨਦਪੁਰ ਸਾਹਿਬ ਅਤੇ ਹਰਸ਼ ਪਟਿਆਲਾ ਨੂੰ ਚੁਣਿਆ ਗਿਆ।

ਇਸ ਮੌਕੇ ਮੁੱਖ ਮਹਿਮਾਨ ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਕਿਹਾ ਕਿ ਹਾਕੀ ਕਲੱਬ ਸ੍ਰੀ ਅਨੰਦਪੁਰ ਸਾਹਿਬ ਵਲੋਂ ਸ਼ਲਾਘਾਯੋਗ ਉਪਰਾਲਾ ਕੀਤਾ ਜਾ ਰਿਹਾ ਹੈ। ਇਸ ਮੌਕੇ ਮੰਤਰੀ ਬੈਂਸ ਵਲੋਂ ਜਿਥੇ ਕਲੱਬ ਨੂੰ ਪੰਜਾਹ ਹਜ਼ਾਰ ਰਾਸ਼ੀ ਦੇਣ ਦਾ ਐਲਾਨ ਕੀਤਾ। ਉਥੇ ਹੀ ਉਨ੍ਹਾਂ ਜਾਣਕਾਰੀ ਦਿੱਤੀ ਕਿ ਜਲਦ ਹੀ ਅੰਨਦਪੁਰ ਸਾਹਿਬ ਚ ਹਾਕੀ ਦਾ 6 ਏ ਸਾਈਡ ਐਸਟਰੋ ਟਰਫ ਲਗਾਇਆ ਜਾਵੇਗਾ। ਇਸ ਮੌਕੇ ਆਸਰਾ ਫਾਊਂਡੇਸ਼ਨ ਸ਼੍ਰੀ ਅਨੰਦਪੁਰ ਸਾਹਿਬ ਵਲੋਂ ਹਾਕੀ ਕਲੱਬ ਅਨੰਦਪੁਰ ਸਾਹਿਬ ਦੇ ਖਿਡਾਰੀਆਂ ਨੂੰ ਹਾਕੀਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਹਾਕੀ ਕੋਚ ਕਮਲਪ੍ਰੀਤ ਸਿੰਘ ਮੱਟੂ ਨੇ ਦੱਸਿਆ ਕਿ ਟੂਰਨਾਮੈਂਟ ਚ ਲੜਕਿਆਂ ਦੀ 42 ਟੀਮਾਂ ਦੀ ਐਂਟਰੀ ਆਈ ਸੀ, ਜਿਸ ਚ 14 ਟੀਮਾਂ ਦੀ ਚੋਣ ਕੀਤੀ ਗਈ। ਇਸ ਤਰ੍ਹਾਂ ਹੀ ਲੜਕੀਆਂ ਦੀ ਪੰਜ ਟੀਮਾਂ ਨੇ ਭਾਗ ਲਿਆ। ਇਸ ਦੌਰਾਨ ਜੇਤੂ ਟੀਮਾਂ ਨੂੰ ਨਕਦ ਇਨਾਮ ਰਾਸ਼ੀ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰਮਿੰਦਰ ਸਿੰਘ ਭੁੱਲਰ, ਕੈਪਟਨ ਤਰਸੇਮ ਸਿੰਘ, ਮਾ. ਰਣਜੀਤ ਸਿੰਘ, ਦਿਆ ਸਿੰਘ, ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ ਵਾਲੇ, ਜਨਪਵਿਤਰਾ ਸਿੰਘ, ਗੁਰਪਵਿਤਰਾ ਸਿੰਘ, ਹਰਪ੍ਰੀਤ ਸਿੰਘ, ਮਾਸਟਰ ਮੋਹਨ ਲਾਲ, ਅਮਿਤ ਸਿੰਘ, ਅਮਿਤੋਜ ਸਿੰਘ ਡਾਇਰੈਕਟਰ ਮਾਈਟੀ ਸਕੂਲ, ਬਾਬਾ ਕੁਲਵਿੰਦਰ ਸਿੰਘ, ਜ਼ਿਲ੍ਹਾ ਕੋਚ ਦਰਪਾਲ ਸਿੰਘ, ਕੁਲਤਾਰ ਸਿੰਘ ਮੀਆਂਪੁਰੀ, ਜਗਵੰਤ ਸਿੰਘ ਮੀਆਂਪੁਰੀ, ਡਾ ਵੀਰਪਾਲ ਸਿੰਘ, ਮਾ. ਜਸਕਰਨ ਸਿੰਘ, ਆਸਰਾ ਫਾਊਂਡੇਸ਼ਨ ਦੇ ਪ੍ਰਧਾਨ ਨਵੀਨ ਕੁਮਾਰ ਅਤੇ ਅਮਰਜੀਤ ਸਿੰਘ ਹਾਜ਼ਰ ਸਨ।

# ਡਿੰਪੀ ਫਤਿਹਪੁਰ ਦੀ ਯਾਦ ਵਿੱਚ ਕਬੱਡੀ ਕੱਪ ਕਰਵਾਇਆ ਗਿਆ

ਲੋਕ ਬਾਣੀ



ਤਪਾ ਮੰਡੀ, - ਸਥਾਨਕ ਨਿਊ ਬਾਬਾ ਸੁਖਾਨੰਦ ਸਪੋਰਟਸ ਕਲੱਬ ਵੱਲੋਂ ਵਿਸ਼ਾਲ ਕਬੱਡੀ ਕੱਪ ਸਰਕਾਰੀ ਸਕੂਲ ਦੇ ਮੈਦਾਨ ਵਿੱਚ ਡਿੰਪੀ ਫਤਿਹਪੁਰ ਦੀ ਯਾਦ ਵਿੱਚ ਕਰਵਾਇਆ ਗਿਆ। ਜਿਸ ਵਿੱਚ ਦੂਰ ਦੁਰਾਡੇ ਤੋਂ ਵੱਡੀ ਗਿਣਤੀ ਵਿੱਚ ਟੀਮਾਂ ਨੇ ਭਾਗ ਲਿਆ। ਇਸ ਇੱਕ ਰੋਜ਼ਾ ਟੂਰਨਾਮੈਂਟ ਦਾ ਉਦਘਾਟਨ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਐਡਵੋਕੇਟ ਸਤਨਾਮ ਸਿੰਘ ਰਾਹੀ ਵੱਲੋਂ ਕੀਤਾ ਗਿਆ। ਜਿਨਾਂ ਦਾ ਨਿਗਾ ਸਵਾਗਤ ਕਲੱਬ ਦੇ ਪ੍ਰਧਾਨ ਜੱਸੀ ਬਾਸੀ, ਕਾਕਾ ਸੇਖੋਂ, ਜਸਵਿੰਦਰ ਜੈਲਦਾਰ, ਮੌਲਕੀ ਸਿੱਧੀ ਵੱਲੋਂ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵੱਲੋਂ ਟੀਮਾਂ ਨਾਲ ਜਾਣ ਪਹਿਚਾਣ ਵੀ ਕੀਤੀ ਗਈ। ਇਸ ਮੌਕੇ ਮੁੱਖ ਮਹਿਮਾਨ ਨੇ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਨੌਜਵਾਨ ਨਸ਼ਿਆਂ ਤੋਂ ਦੂਰ ਹੋ ਕੇ ਖੇਡਾਂ ਵੱਲ ਧਿਆਨ ਦੇਣ। ਕਿਉਂਕਿ ਨੌਜਵਾਨਾਂ ਦੀ ਖੇਡ ਕਬੱਡੀ ਦੇਸ਼ਾਂ ਵਿਦੇਸ਼ਾਂ ਵਿੱਚ ਕਾਫੀ ਪ੍ਰਚਲਿਤ ਹੈ। ਜਿਸ ਕਰਕੇ ਪੰਜਾਬ ਦੇ ਨੌਜਵਾਨਾ ਵੱਲੋਂ ਦੇਸ਼ਾਂ ਵਿੱਚ ਕਬੱਡੀ ਦੀਆਂ ਧੂਮਾਂ ਪਾਈਆਂ ਗਈਆਂ ਹਨ।

ਇਸ ਮੌਕੇ ਟੂਰਨਾਮੈਂਟ ਦੀ ਪ੍ਰਬੰਧਕ ਕਮੇਟੀ ਵੱਲੋਂ ਮੁੱਖ ਮਹਿਮਾਨ ਅਤੇ ਖਿਡਾਰੀਆਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ । ਕਲੱਬ ਦੇ ਪ੍ਰਧਾਨ ਜੋਸੀ ਵਾਸੀ ਕਾਕਾ ਸੇਖੋ ਅਤੇ ਮੌਲਕੀ ਸਿੱਧੂ ਨੇ ਕਿਹਾ ਕਿ ਟੂਰਨਾਮੈਂਟ ਵਿੱਚ ਬੈਸਟ ਜਾਫੀ ਅਤੇ ਬੈਸਟ ਰੇਡਰ ਨੂੰ ਆਲਟੋ ਕਾਰ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਹੋਰਨਾਂ ਤੋਂ ਇਲਾਵਾ ਇਸ ਮੌਕੇ ਜਸਵਿੰਦਰ ਸਿੰਘ ਜੈਲਦਾ, ਜੱਸਾ ਸਿੰਘ ਜੈਲਦਾਰ, ਕੰਤੀ ਤਾਜੋ, ਕਮਲ ਵਿਰਕ ਗੁਰਦੀਪ ਸਿੰਘ ਰਾਮ ਸਿੰਘ, ਬਿੱਟੂ ਤਪਾ ਆਦਿ ਹਾਜ਼ਰ ਸਨ।

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LL.B. • B.COM. LLB • BBA.LL.B. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
/stsoldiergroup
www.stsoldiergroup.com
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565

# ਪੰਜਾਬ ਦੇ ਇਤਿਹਾਸ ਅਤੇ ਵਿਰਸੇ ਨੂੰ ਰੂਪਮਾਨ ਕਰਦੀਆਂ ਝਾਕੀਆਂ ਦੇ ਰੂਬਰੂ ਹੋਣਗੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਵਾਸੀ

## ਦੋ ਦਿਨ ਜਿਲ੍ਹੇ ਵਿੱਚ ਘੁੰਮਣਗੀਆਂ ਇਹ ਝਾਕੀਆਂ

ਲੋਕ ਬਾਣੀ







ਸ੍ਰੀ ਮੁਕਤਸਰ ਸਾਹਿਬ, ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਵਿਚ ਪੰਜਾਬੀਆਂ ਦੇ ਅਹਿਮ ਯੋਗਦਾਨ, ਨਾਰੀ ਸ਼ਕਤੀ ਅਤੇ ਪੰਜਾਬ ਦੇ ਅਮੀਰ ਸੱਭਿਆਚਾਰਕ ਵਿਰਸੇ ਨੂੰ ਰੂਪਮਾਨ ਕਰਦੀਆਂ ਝਾਕੀਆਂ ਦੇ ਦਰਸ਼ਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਵਾਸੀ ਅਗਲੇ ਦੋ ਦਿਨ ਕਰਨਗੇ। ਮਿਤੀ 12 ਤੇ 13 ਫਰਵਰੀ ਨੂੰ ਦੋ ਦਿਨ ਇਹ ਝਾਕੀਆਂ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਪਹੁੰਚ ਕੇ ਜ਼ਿਲ੍ਹਾ ਵਾਸੀਆਂ ਦੇ ਰੂਬਰੂ ਹੋਣਗੀਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਜੋ ਇਹ ਝਾਂਕੀਆਂ ਬਠਿੰਡਾ ਜਿਲ੍ਹੇ ਤੋਂ ਸ੍ਰੀ ਮੁਕਤਸਰ ਸਾਹਿਬ ਜਿਲ੍ਹੇ ਵੱਚ ਪਹੁੰਚੀਆਂ ਹਨ। ਇਹ ਝਾਕੀਆਂ ਸ੍ਰੀ ਮੁਕਤਸਰ ਸਾਹਿਬ ਵਿੱਚ ਰਹਿਣਗੀਆਂ ਅਤੇ ਲੋਕ ਇਹਨਾਂ ਨੂੰ ਵੇਖ ਸਕਣਗੇ। ਇਸ ਤੋਂ ਬਾਅਦ ਇਹ ਝਾਂਕੀਆਂ ਜਿਲ੍ਹਾ ਫਾਜਿਲਕਾ ਵਿੱਚ ਜਾਣਗੀਆਂ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਤੌਰ ‘ਤੇ ਤਿਆਰ ਕਰਵਾਈਆਂ ਇਨ੍ਹਾਂ ਝਾਕੀਆਂ ਵਿਚ ਜਲ੍ਹਿਆਂਵਾਲੇ ਬਾਗ ਦੀ ਘਟਨਾ, ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ, ਬਾਬਾ ਸੋਹਨ ਸਿੰਘ ਭਕਨਾ, ਲਾਲਾ ਲਾਜਪਤ ਰਾਏ, ਸ਼ਹੀਦ ਸੁਖਦੇਵ, ਲਾਲਾ ਹਰਦਿਆਲ, ਸਰਦਾਰ ਅਜੀਤ ਸਿੰਘ, ਬਾਬਾ ਖੜਕ ਸਿੰਘ, ਮਦਨ ਲਾਲ ਢੀਂਗਰਾ, ਡਾ. ਦੀਵਾਨ ਸਿੰਘ ਕਾਲੇਪਾਣੀ ਵਰਗੀਆਂ ਮਹਾਨ ਸ਼ਖ਼ਸੀਅਤਾਂ ਦੀ ਕੁਰਬਾਨੀ ਅਤੇ ਕਾਮਾਗਾਟਾ ਮਾਰੂ ਦੀ ਘਟਨਾ ਨੂੰ ਦਿਖਾਇਆ ਗਿਆ ਹੈ। ਇਸੇ ਤਰ੍ਹਾਂ ਦੂਜੀ ਝਾਕੀ ਜ਼ਰੀਏ ਨਾਰੀ ਸਸ਼ਕਤੀਕਰਨ (ਮਾਈ ਭਾਗੋ ਦੀ ਸੂਰਮਗਤੀ) ਅਤੇ ਮਾਈ ਭਾਗੋ ਆਰਮਡ ਫੋਰਸਜ ਪ੍ਰੈਪਰੇਟਰੀ ਇੰਸਟੀਚਿਊਟ ਫਾਰ ਗਰਲਜ਼ ਦੁਆਰਾ ਵੱਖ-ਵੱਖ ਖੇਤਰਾਂ ਵਿੱਚ ਨਾਮ ਰੌਸ਼ਨ ਕਰਨ ਵਾਲੀਆਂ ਮਹਿਲਾਵਾਂ ਨੂੰ ਦਰਸਾਇਆ ਗਿਆ ਹੈ। ਇਸੇ ਤਰ੍ਹਾਂ ਤੀਜੀ ਝਾਕੀ ਦੇ ਰਾਹੀਂ ਪੰਜਾਬ ਦੀ ਅਮੀਰ ਵਿਰਾਸਤ ਅਤੇ ਸਭਿਆਚਾਰ ਦੀ ਇਕ ਝਲਕ ਪੇਸ਼ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਜਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ 12 ਤੇ 13 ਫਰਵਰੀ ਨੂੰ ਜ਼ਿਲੇ ਵਿੱਚ ਪਹੁੰਚ ਰਹੀਆਂ ਝਾਕੀਆਂ ਦੇ ਦਰਸ਼ਨਾਂ ਲਈ ਹੁਮ-ਹੁਮਾ ਕੇ ਪਹੁੰਚਣ।

# ਲੱਖਾਂ ਦੀ ਤਾਦਾਦ ਵਿੱਚ 13 ਫਰਵਰੀ ਨੂੰ ਪਹੁੰਚਣਗੇ ਕਿਸਾਨ ਦਿੱਲੀ - ਅਭਿਮਨਿਊ ਕੁਹਾੜ

ਲੋਕ ਬਾਣੀ

ਤਪਾ ਮੰਡੀ, - ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ ਲੱਖਾਂ ਦੀ ਤਾਦਾਦ ਵਿੱਚ ਕਿਸਾਨ ਦਿੱਲੀ ਵਿੱਚ ਕੂਚ ਕਰ ਰਹੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਨੌਜਵਾਨ ਯੂਨੀਅਨ ਦੇ ਪ੍ਰਧਾਨ ਅਭਿਮਨਿਊ ਕੁਹਾੜ ਨੇ ਤਪਾ ਮੰਡੀ ਵਿੱਚ ਕੀਤਾ। ਉਹਨਾਂ ਕਿਹਾ ਕਿ 13 ਫਰਵਰੀ ਦੀ ਤਿਆਰੀ ਲਈ ਕਰਨਾਟਕ ਤੋਂ ਕਿਸਾਨ ਦਿੱਲੀ ਵੱਲ ਚੱਲ ਪਏ ਹਨ। ਪੰਜਾਬ ਦੇ ਨਾਲ-ਨਾਲ ਹਰਿਆਣਾ ਅੰਦਰ ਵੀ ਟਰੈਕਟਰ ਮਾਰਚ ਕੱਢੇ ਜਾ ਰਹੇ ਹਨ। ਹਰਿਆਣਾ ਸਰਕਾਰ ਪੈਟਰੋਲ ਪੰਪ ਮਾਲਕਾਂ ਨੂੰ ਕਿਸਾਨਾਂ ਨੂੰ ਡੀਜ਼ਲ ਨਾ ਦੇਣ ਲਈ ਦਬਾਅ ਬਣਾ ਰਹੀ ਹੈ ਅਤੇ ਘਰਾਂ ਵਿੱਚ ਵੀ ਛਾਪੇਮਾਰੀ ਕੀਤੀ ਜਾ ਰਹੀ ਹੈ। ਕਿਸਾਨਾਂ ਦੇ ਘਰ ਤੇ ਵੀ ਨੋਟਸ ਲਾ ਕੇ ਪ੍ਰੋਪਰਟੀ ਸਿਜ਼ ਕਰਨ ਅਤੇ ਪ੍ਰਾਪਰਟੀ ਨੂੰ ਕੁਰਕਰੀ ਕਰਨ ਸਮੇਤ ਕਿਸਾਨਾ ਦੇ ਖਾਤੇ ਬੰਦ ਕਰਨ ਤੇ ਵੀ ਕਿਸਾਨਾਂ ਨੂੰ ਡਰਾਇਆ ਜਾ ਰਿਹਾ ਹੈ। ਪਰ ਕਿਸਾਨ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰਦੇ ਰਹਿਣਗੇ। ਉਹਨਾਂ ਕਿਹਾ ਕਿ ਸੈਂਟਰ ਸਰਕਾਰ ਤੋਂ ਕਿਸਾਨਾਂ ਦੀ ਹਕੀ ਮੰਗਾਂ ਵਿੱਚ ਐਮਐਸਪੀ ਦੀ ਗਰੰਟੀ ਕਾਨੂੰਨ,ਕਿਸਾਨਾਂ ਦੀ ਪੂਰੀ ਕਰਜ਼ਾ ਮਾਫੀ, 2013 ਭੂਮੀ ਅਧੀਗ੍ਰਹਿਣ ਕਾਨੂੰਨ, ਸਵਾਮੀਨਾਥਨ ਰਿਪੋਰਟ ਅਤੇ



ਲਖੀਮਪੁਰ ਖੀਰੀ ਦੇ ਸ਼ਹੀਦ ਕਿਸਾਨਾਂ ਨੂੰ ਇਨਸਾਫ ਦਵਾਉਣ ਸਮੇਤ ਕਿਸਾਨਾਂ ਦੀਆਂ ਹੋਰ ਵੀ ਹੱਕੀ ਮੰਗਾਂ ਲਈ ਸਰਕਾਰ ਤੋਂ ਮੰਗ ਕੀਤੀ ਜਾ ਰਹੀ ਹੈ। ਪਿਛਲੇ ਦਿਨੀ ਕਿਸਾਨ ਜਥੇਬੰਦੀਆਂ ਦੇ ਆਗੂਆਂ ਦੀ ਚੰਡੀਗੜ੍ਹ ਵਿਖੇ ਹੋਈ ਮੀਟਿੰਗ ਵਿੱਚ ਸੈਂਟਰ ਸਰਕਾਰ ਦੇ ਤਿੰਨ ਮੰਤਰੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਵੀ ਇੱਕ ਵਿਸੇਸ਼ ਮੀਟਿੰਗ ਕੀਤੀ ਗਈ ਸੀ।

ਜਿਸ ਵਿੱਚ ਕਿਸਾਨਾਂ ਦੀਆਂ 12 ਮੰਗਾਂ ਨੂੰ ਤੱਥਾਂ ਦੇ ਆਧਾਰ ਤੇ ਪੇਸ਼ ਕੀਤਾ ਗਿਆ ਸੀ। ਚੰਡੀਗੜ ਮੀਟਿੰਗ ਵਿੱਚ ਆਏ ਸੈਂਟਰ ਦੇ ਮੰਤਰੀਆਂ ਨੇ ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ ਹੋਮ ਮਨਿਸਟਰ ਅਤੇ ਦੇਸ ਦੇ ਪ੍ਰਧਾਨ ਮੰਤਰੀ ਨਾਲ ਗੱਲਬਾਤ ਕਰਨ ਤੋਂ ਬਾਅਦ ਫੈਸਲਾ ਲੈਣ ਦੀ ਗੱਲ ਕਹੀ ਗਈ ਸੀ। ਪਰ ਸੈਂਟਰ ਸਰਕਾਰ ਤੋ ਆਪਣੀਆਂ ਮੰਗਾਂ ਮਨਾਉਣ ਲਈ ਲੱਖਾਂ ਦੀ ਤਦਾਰ ਵਿੱਚ ਕਿਸਾਨ 13 ਫਰਵਰੀ ਨੂੰ ਦਿੱਲੀ ਵੱਲ ਜਾ ਕੇ ਆਪਣੀਆਂ ਮੰਗਾਂ ਮਨਾਉਣਗੇ। ਸਰਕਾਰ ਦੇ ਹੁਕਮਾਂ ਤਹਿਤ ਸੜਕਾਂ ਤੇ ਲੱਗ ਰਹੇ ਬੈਰੀਗੇਡਾ ਤੇ ਬੋਲਦਿਆਂ ਉਹਨਾਂ ਕਿਹਾ ਕਿ ਦੇਸ਼ ਅੰਦਰ ਆਪਣੀ ਗੱਲ ਰੱਖਣ ਦੀ ਸਭ ਨੂੰ ਆਜ਼ਾਦੀ ਹੈ। ਪਰ ਸੜਕਾਂ ਨੂੰ ਬੰਦ ਕਰਨਾ ਅਤੇ ਕਿਸਾਨਾ ਨੂੰ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰਨ ਤੋਂ ਰੋਕਣਾ ਬਹੁਤ ਹੀ ਨਿੰਦਣਯੋਗ ਹੈ।

# ਰਾਹੁਲ ਭੱਠਲ ਵੱਡਾ ਕਾਫਲਾ ਲੈ ਕੇ ਸਮਰਾਲਾ ਰੈਲੀ ਵਿੱਚ ਸ਼ਾਮਿਲ ਹੋਏ

ਲੋਕ ਬਾਣੀ

ਲਹਿਰਾਗਾਗਾ, -ਲਹਿਰਾ ਹਲਕੇ ਤੋਂ ਸੈਂਕੜੇ ਵਰਕਰਾਂ ਦਾ ਇਕੱਠ ਸਮਰਾਲਾ ਰੈਲੀ ਵਿੱਚ ਰਾਹੁਲ ਭੱਠਲ ਦੀ ਅਗਵਾਈ ਵਿੱਚ ਸ਼ਾਮਿਲ ਹੋਇਆ ਲਹਿਰਾ ਹਲਕੇ ਦੇ ਹਰ ਇੱਕ ਪਿੰਡ ਵਿੱਚੋਂ ਅਤੇ ਸ਼ਹਿਰ ਵਿੱਚੋਂ ਵੱਧ ਚੜ ਕੇ ਵਰਕਰ ਰੈਲੀ ਵਿੱਚ ਸ਼ਾਮਿਲ ਹੋਏ ਇਸ ਕਾਫਲੇ ਵਿੱਚ 10 ਬੱਸਾਂ ਅਤੇ 30 ਗੱਡੀਆਂ ਸ਼ਾਮਿਲ ਸੀ। ਇਸ ਰੈਲੀ ਵਿੱਚ ਕਸ਼ਮੀਰ ਸਿੰਘ ਬਲਾਕ ਪ੍ਰਧਾਨ ਲਹਿਰਾ, ਗੁਰਤੇਜ ਸਿੰਘ ਕੋਟੜਾ ਮਹਿੰਦਰ ਸਿੰਘ ਪ੍ਰਧਾਨ ਮੂਨਕ, ਰਵਿੰਦਰ ਰਿੰਕੂ ਗੁਰਨੇ ਖੁਰਦ, ਮੱਖਣ ਚੋਟੀਆਂ, ਹਰਦੀਪ ਸਰਪੰਚ, ਕਰਮਜੀਤ ਟੌਹੜਾ, ਜਰਨੈਲ ਜੈਲੀ ਰਾਮਪੁਰਾ ਜਵਾਰਵਾਲਾ, ਨਿਰਭੈ ਸਰਪੰਚ ਢੀਡਸਾ, ਸੁਖਜਿੰਦਰ ਸਿੰਘ ਜਿਲਾ ਪਰਿਸ਼ਦ ਮੈਂਬਰ ਭਟਾਲ ਕਲਾਂ, ਕੁਲਵੰਤ ਤਰਲੋਕ ਪਿਸ਼ੌਰ, ਕੇਹਰ ਸਿੰਘ, ਮੇਜਰ ਸਿੰਘ, ਭੋਲਾ ਰਾਮਗੜ ਸੰਧੂਆ ਮਾਇਆ ਸਰਪੰਚ ਸੇਖੂਵਾਸ, ਸੁਖਚੈਨ ਖੋਖਰ, ਗੁਰਭੇਜ ਥੇੜੀ, ਨਿਰਮਲ ਹਰੀਗੜ ਗੇਹਲਾ ਧਨਵੰਤ ਮਹਾ ਸਿੰਘਾਂ ਵਾਲਾ, ਪੁਰਸ਼ੋਤਮ




ਸਿਟੀ ਪ੍ਰਧਾਨ ਮੂਨਕ, ਰਘਵੀਰ ਸਾਬਕਾ ਵਾਈਸ ਪ੍ਰਧਾਨ ਨਗਰ ਕੌਂਸਲ ਮੂਨਕ ਸੁਰਿੰਦਰ ਪੀਰਾ ਲਾਲ, ਪੱਪੂ ਲਹਿਰਾ ਕਰਨ ਬੁਸ਼ਹਿਰਾ, ਬੰਟੀ ਠੇਕੇਦਾਰ ਮੂਨਕ ਗੁਰਨਾਮ ਐਮਸੀ, ਗੁਲਜਾਰ ਐਮਸੀ ਮੂਨਕ, ਜਗਦੇਵ ਭੁਟਾਲ ਕਲਾਂ ਬੀਰੂ ਸਰਪੰਚ ਸਲੇਮਗੜ੍ਹ ਕੁਲਦੀਪ, ਜੈ ਸਿੰਘ, ਗਿਆਨ ਗੁੱਜਰ, ਮਕਰੋੜ ਸਾਹਿਬ ਬੰਟੀ ਨਵਾਂਗਾਓ, ਕੈਪਟਨ ਮੱਘਰ ਸਿੰਘ ਬੰਗਾ ਆਦਿ ਆਪਣੇ ਸਾਥੀਆਂ ਸਮੇਤ ਰੈਲੀ ਵਿੱਚ ਸ਼ਾਮਿਲ ਹੋਏ।

# ਸੁਰੱਖਿਅਤ, ਸ਼ੇਅਰ ਫੂਡ ਅਤੇ ਫੋਰਟੀਫਾਇਡ ਫੂਡ ਬਾਰੇ ਫੂਡ ਵਿਕਰੇਤਾਵਾਂ ਨੂੰ ਸਿਹਤ ਵਿਭਾਗ ਵੱਲੋਂ ਦਿੱਤੀ ਗਈ ਟ੍ਰੇਨਿੰਗ

**ਜਿਲ੍ਹੇ ਦੇ ਲੋਕਾਂ ਨੂੰ ਸਾਫ ਸੁਥਰੀਆਂ ਅਤੇ ਸ਼ੁੱਧ ਖਾਣ ਪੀਣ ਦੀਆਂ ਵਸਤੂਆਂ ਉਪਲੱਬਧ ਕਰਵਾਉਣ ਲਈ ਕੀਤੇ ਜਾ ਰਹੇ ਹਨ ਯੋਗ ਉਪਰਾਲੇ - ਡਾ. ਦੁਪਿੰਦਰ ਕੁਮਾਰ ਜਿਲ੍ਹਾ ਸਿਹਤ ਅਫਸਰ**

ਲੋਕ ਬਾਣੀ

ਸ਼੍ਰੀ ਮੁਕਤਸਰ ਸਾਹਿਬ- ਪੰਜਾਬ ਸਰਕਾਰ ਲੋਕਾਂ ਨੂੰ ਤੰਦਰੁਸਤ ਰੱਖਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਜਿਸ ਤਹਿਤ ਸ਼੍ਰੀ ਅਭਿਨਵ ਤ੍ਰਿਖਾ ਆਈ.ਏ.ਐਸ. ਕਮਿਸ਼ਨਰ ਫੂਡ ਸੇਫਟੀ ਪੰਜਾਬ ਦੀਆਂ ਹਦਾਇਤਾਂ ਤੇ ਸਿਹਤ ਵਿਭਾਗ ਸ਼੍ਰੀ ਮੁਕਤਸਰ ਸਾਹਿਬ ਵਲੋਂ ਡਾ. ਨਵਜੋਤ ਕੌਰ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਦੀ ਯੋਗ ਅਗਵਾਈ ਵਿਚ ਸ਼੍ਰੀ ਮੁਕਤਸਰ ਸਾਹਿਬ ਦੇ ਫੂਡ ਵਿਕਰੇਤਾਵਾਂ ਨੂੰ ਸੁਰੱਖਿਅਤ, ਸ਼ੇਅਰ ਫੂਡ ਅਤੇ ਫੋਰਟੀਫਾਇਡ ਫੂਡ ਬਾਰੇ ਦਫਤਰ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਵਿਖੇ ਟਰੇਨਿੰਗ ਦਿੱਤੀ ਗਈ। ਇਸ ਮੌਕੇ ਡਾ. ਦੁਪਿੰਦਰ ਕੁਮਾਰ ਜਿਲ੍ਹਾ ਸਿਹਤ ਅਫਸਰ ਸ਼੍ਰੀ ਮੁਕਤਸਰ ਸਾਹਿਬ ਨੇ ਫੂਡ ਵਿਕਰੇਤਾਵਾਂ ਨੂੰ ਦੱਸਿਆ ਕਿ ਖਾਣ ਪੀਣ ਵਾਲੀਆਂ ਵਸਤੂਆਂ ਦੀ ਗੁਣਵਤਾ ਨੂੰ ਬਰਕਰਾਰ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਖਾਣ ਪੀਣ ਵਾਲੀਆਂ ਵਸਤੂਆਂ ਬਣਾਉਣ ਲਈ ਸ਼ੁੱਧ ਸਮਾਨ ਦੀ ਵਰਤੋਂ ਕੀਤੀ ਜਾਵੇ ਅਤੇ ਵਸਤੂਆਂ ਤਿਆਰ ਕਰਦੇ ਸਮੇਂ ਖੁਰਾਕੀ ਤੱਕ ਨਸ਼ਟ ਨਾ ਹੋਣ ਦਿੱਤੇ ਜਾਣ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਖਾਣ ਪੀਣ ਵਸਤੂਆਂ ਵਿਚ ਲੋੜੀਂਦੇ ਖੁਰਾਕੀ ਤੱਤਾਂ ਅਤੇ ਵਿਟਾਮਿਨ ਦੀ ਮਾਤਰਾ ਨੂੰ ਪੂਰਾ ਕਰਨ ਲਈ ਫੋਰਟੀਫਾਇਡ ਫੂਡ ਮਿਲਾਉਣ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਤਾਂ ਜੋ ਲੋਕਾਂ ਨੂੰ ਲੋੜੀਦੇ ਤੱਤ ਮਿਲ ਸਕਣ। ਇਸ ਮੌਕੇ ਸ਼੍ਰੀ ਹੈਰੀ ਸੰਧੂ ਸੰਚੇ ਐਜੂਕੇਸ਼ਨਲ ਸੋਸਾਇਟੀ ਤੋਂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਅਤੇ ਸ਼ੇਅਰ ਫੂਡ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਨੂੰ ਵਿਆਹ ਸ਼ਾਦੀਆਂ ਅਤੇ ਹੋਰ ਪ੍ਰੋਗਰਾਮਾਂ ਦੌਰਾਨ ਬਚਿਆ ਹੋਇਆ ਭੋਜਨ ਨਸ਼ਟ ਨਹੀ ਕਰਨਾ ਚਾਹੀਦਾ ਸਗੋਂ ਇਸ ਨੂੰ ਲੋੜਵੰਦਾਂ ਤੱਕ





ਪਹੁੰਚਾਉਣਾ ਚਾਹੀਦਾ ਹੈ।ਇਸ ਮੌਕੇ ਡਾ ਜਤਿੰਦਰ ਸਿੰਘ ਵਿਰਕ ਫੂਡ ਸੇਫਟੀ ਅਫਸਰ ਨੇ ਕਿਹਾ ਕਿ ਜਿਲ੍ਹੇ ਦੇ ਲੋਕਾਂ ਨੂੰ ਸਾਫ ਸੁਧਰੀਆਂ ਅਤੇ ਸ਼ੁੱਧ ਖਾਣ ਪੀਣ ਵਾਲੀਆਂ ਵਸਤੂਆਂ ਉਪਲੱਬਧ ਕਰਵਾਉਣ ਲਈ ਯੋਗ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਖਾਣ ਪੀਣ ਵਾਲੀਆਂ ਵਸਤੂਆਂ ਵੇਚਣ ਵਾਲੀਆਂ ਦੁਕਾਨਾਂ ਦੀ ਫੂਡ ਸੇਫਟੀ ਟੀਮ ਵੱਲੋਂ ਲਗਾਤਾਰ ਜਾਂਚ ਕੀਤੀ ਜਾ ਰਹੀ ਹੈ ਅਤੇ ਸ਼ੱਕੀ ਵਸਤੂਆਂ ਦੇ ਸੈਂਪਲ ਲੈ ਕੇ ਜਾਂਚ ਲਈ ਭੇਜੇ ਜਾ ਰਹੇ ਹਨ।

ਉਨ੍ਹਾਂ ਖਾਣ ਪੀਣ ਦਾ ਵਪਾਰ ਕਰਨ ਵਾਲੇ ਦੁਕਾਨਦਾਰਾਂ ਅਤੇ ਮਠਿਆਈ ਵਿਕਰੇਤਾਵਾਂ ਨੂੰ ਕਿਹਾ ਕਿ ਉਹ ਲੋਕਾਂ ਨੂੰ ਸ਼ੁੱਧ ਅਤੇ ਸਾਫ ਸੁਥਰੀਆਂ ਵਸਤੂਆਂ ਹੀ ਵੇਚਣ ਅਤੇ ਸਫਾਈ ਦਾ ਖਾਸ ਧਿਆਨ ਰੱਖਣ ਅਤੇ ਜੇਕਰ ਕਿਸੇ ਨੇ ਅਜੇ ਤੱਕ ਆਪਣੀ ਫੂਡ ਸੇਫਟੀ ਅਧੀਨ ਰਜਿਸਟਰੇਸ਼ਨ ਨਹੀ ਕਰਵਾਈ ਉਹ ਜਲਦ ਤੋਂ ਜਲਦ ਆਪਣੀ ਰਜਿਸਟਰੇਸ਼ਨ ਕਰਵਾ ਲੈਣ। ਇਸ ਮੌਕੇ ਡਾ. ਸੰਦੀਪ ਕੌਰ ਜਿਲ੍ਹਾ ਐਪੀਡੀਮੋਲੋਜਿਸਟਕ, ਸੁਖਮੰਦਰ ਸਿੰਘ ਜਿਲ੍ਹਾ ਮਾਸ ਮੀਡੀਆ ਅਫਸਰ, ਲਾਲ ਚੰਦ ਜਿਲ੍ਹਾ ਹੈਲਥ ਇੰਸਪੈਕਟਰ ਅਤੇ ਸ਼੍ਰੀ ਮੁਕਤਸਰ ਸਾਹਿਬ ਦੇ ਮਠਿਆਈ ਵਿਕਰੇਤਾ, ਹਲਵਾਈ, ਕਰਿਆਣਾ ਵਪਾਰੀ, ਡੇਅਰੀ ਮਾਲਕ ਅਤੇ ਦੋਧੀ ਸ਼ਾਮਿਲ ਸਨ।

# ਆਮ ਆਦਮੀ ਪਾਰਟੀ ਤਪਾ ਟੀਮ ਵੱਲੋਂ ਹਾਕਮ ਸਿੰਘ ਚੌਹਾਨ ਦਾ ਸਨਮਾਨ

ਲੋਕ ਬਾਣੀ

ਤਪਾ ਮੰਡੀ,- ਪਿਛਲੇ ਡੇਢ ਦਹਾਕੇ ਤੋਂ ਲੋਕਾਂ ਨੂੰ ਸੜਕੀ ਦੁਰਘਟਨਾਵਾਂ ਤੋਂ ਬਚਾਉਣ ਲਈ ਅਤੇ ਜਾਗਰੂਕ ਕਰਨ ਲਈ ਉਪਰਾਲੇ ਕਰਦੇ ਆ ਰਹੇ ਪਿੰਡ ਤਾਜੋਕੇ ਦੇ ਸਮਾਜ ਸੇਵੀ ਹਾਕਮ ਸਿੰਘ ਚੌਹਾਨ ਨੂੰ ਸੂਬਾ ਪੱਧਰੀ ਟਰੈਫਿਕ ਸਲਾਹਕਾਰ ਕਮੇਟੀ ਦਾ ਮੈਂਬਰ ਨਿਯੁਕਤ ਕਰਨ ਤੇ ਤਪਾ ਦੀ ਆਮ ਆਦਮੀ ਪਾਰਟੀ ਟੀਮ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਚਰਨਜੀਤ ਕੌਰ ਇੰਚਾਰਜ ਮਹਿਲਾ ਵਿੰਗ ਭਦੌੜ ਅਤੇ ਐਮ ਸੀ ਹਰਦੀਪ ਸਿੰਘ ਪੋਪਲ ਨੇ ਕਿਹਾ ਕਿ ਰੋਜਾਨਾ ਹੀ ਸੜਕਾਂ ਤੇ ਸੈਂਕੜੇ ਦੁਰਘਟਨਾਵਾਂ ਨਾਲ ਹੁੰਦੀਆਂ ਮੌਤਾਂ ਤੇ ਸੈਂਕੜੇ ਜਖਮੀ ਹੁੰਦੇ ਹਨ ਜੋ ਇੱਕ ਗੰਭੀਰ ਸਮੱਸਿਆ ਹੈ ਇਸ ਸਮੱਸਿਆ ਨਾਲ ਨਜਿੱਠਣ ਲਈ ਹਾਕਮ ਸਿੰਘ ਚੌਹਾਨ ਵਾਂਗ ਸਮਾਜ ਸੇਵੀ ਸੰਸਥਾਵਾਂ, ਕਲੱਬਾ ,ਸਮਾਜਿਕ, ਵਪਾਰਕ ਅਤੇ ਵਿੱਦਿਅਕ ਅਦਾਰਿਆਂ ਨੂੰ ਵੀ ਅੱਗੇ ਆਉਣਾ ਚਾਹੀਦਾ ਹੈ। ਉਨਾਂ ਚੌਹਾਨ ਨੂੰ ਸਲਾਹਕਾਰ ਨਿਯੁਕਤ ਕਰਨ ਤੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਏ ਡੀ ਜੀ ਪੀ ਟਰੈਫਿਕ ਅਮਰਦੀਪ ਸਿੰਘ ਰਾਏ ਦਾ ਧੰਨਵਾਦ ਕੀਤਾ। ਇਸ ਮੌਕੇ ਮੁਨੀਸ ਗਰਗ ਪਧਾਨ ਵਪਾਰ ਮੰਡਲ, ਬੁੱਧ ਰਾਮ ਕਾਲਾ, ਰਿੰਕਾ ਮੋਬਾਇਲਾਂ ਵਾਲਾ, ਜੱਸੀ ਪੁਰਬਾ, ਦਵਿੰਦਰ ਮਹਿਰਾ, ਸੰਦੀਪ ਸ਼ਰਮਾ, ਜੱਸੀ ਬਾਸੀ, ਹਰਿੰਦਰ ਕਮਾਰ, ਕਾਲਾ ਚੱਠਾ, ਮੁਖਤਿਆਰ ਰਾਮ, ਗਿਆਨੀ ਗੁਰਦਰਸ਼ਨ ਸਿੰਘ, ਮਾਨਕ ਠੋਕਾ, ਦਵਿੰਦਰ ਸਿੱਧੂ ਆਦਿ ਹਾਜਰ ਸਨ।






ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਦੇ ਕਿਉਂਕਿ ਅਖਬਾਰ ਇੰਨਾਂ ਨੂੰ ਤਸਦੀਕ ਨਹੀਂ ਕਰਦਾ । ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ । ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com